SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 218 | Friday, 29 November 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

# ਹੁਣ ਹਿਲਜ਼ਵਿਊ ਇਲਾਕੇ 'ਚ ਵਾਜਬ ਕੀਮਤ 'ਤੇ ਖ਼ਰੀਦੋ 3 ਸਟੋਰੀ ਟਾਊਨਹਾਊਸ




**Completion in March 2026**
10 % Down until Closing | Assignment Available
**Close to many Amenities**
(Longos,Fortinos,Homedepot, Wal-Mart)
Downtown Brampton & Several parks!

## ਡੰਡਾਸ 'ਚ ਵੀ ਨਵੀਂਆਂ ਬਣੀਆਂ/ਪ੍ਰੀ ਕੰਸਟ੍ਰਕਸ਼ਨ ਕਮਰਸ਼ੀਅਲ ਯੂਨਿਟਾਂ ਉਪਲੱਬਧ

ਬਰੈਂਪਟਨ, 3 ਨਵੰਬਰ (ਪੋਸਟ ਬਿਊਰੋ): ਮਿਸੀਸਾਗਾ ਅਤੇ ਬਰੈਂਪਟਨ ਦੇ ਬਾਰਡਰ 'ਤੇ ਹਿਲਜ਼ਵਿਊ ਇਲਾਕੇ ਵਿਚ ਨਵੇਂ 2004 ਸਕੇਅਰ ਫੁੱਟ ਦੇ 3 ਸਟੋਰੀ ਟਾਊਨਹਾਊਸ, ਜੋਕਿ ਮਾਰਚ, 2026 ਮੁਕੰਮਲ ਹੋਣੇ ਹਨ, ਉਲੱਬਧ ਹਨ। ਇਨ੍ਹਾਂ ਦੀ ਕੀਮਤ 8,79,900 ਡਾਲਰ ਤੋਂ ਸ਼ੁਰੂ ਹੁੰਦੀ ਹੈ। ਕਲੋਜ਼ਿੰਗ ਤੱਕ 10% ਡਾਊਨਪੇਮੈਂਟ 'ਤੇ ਮਿਲਣਗੇ। ਇਹ ਪ੍ਰਾਪਰਟੀ ਵਾਲਮਾਰਟ, ਡਾਊਨਟਾਊਨ ਬਰੈਂਪਟਨ ਅਤੇ ਕਈ ਪਾਰਕਾਂ ਦੇ ਨੇੜੇ ਹੈ। ਇਸੇ ਤਰ੍ਹਾਂ ਮਿਸੀਸਾਗਾ ਵਿਚ ਨਵੀਂਆਂ ਬਣੀਆਂ/ਪ੍ਰੀ ਕੰਸਟ੍ਰਕਸ਼ਨ ਕਮਰਸ਼ੀਅਲ ਯੂਨਿਟਾਂ ਦੇ ਕਾਰਨਰ 'ਤੇ ਵਿਕਰੀ ਲਈ ਉਪਲੱਬਧ ਹਨ। ਇਨ੍ਹਾਂ ਯੂਨਿਟਾਂ ਵਿਚੋਂ 60% ਵਿਕ ਚੁੱਕੀਆਂ ਹਨ ਤੇ 900-2200 ਸਕੇਅਰ ਫੁੱਟ ਜਗ੍ਹਾ ਬਚੀ ਹੈ। ਇਨ੍ਹਾਂ ਦੀ ਕੀਮਤ ਕਰੀਬ 1050 ਡਾਲਰ ਪ੍ਰਤੀ ਸਕੇਅਰ ਫੁੱਟ ਹੈ। ਵਧੇਰੇ ਜਾਣਕਾਰੀ ਲਈ ਫੁਸ਼ (Fush)- 647-871-1433 ਅਤੇ ਜੈਸਮੀਨ- 647-878-1433 ਨਾਲ ਸੰਪਰਕ ਕੀਤਾ ਜਾ ਸਕਦਾ ਹੈ।




ਜਿਆਦਾ ਜਾਣਕਾਰੀ ਲਈ, ਕਾਲ ਕਰੋ –
**Fush at 647.871.1433 | Jasmine at 647.878.1433**

## ਅੱਜ ਨਾਮਾ >>

ਪਾਰਲੀਮੈਂਟ ਵਿੱਚ ਨਾ ਕੰਮ ਹੈ ਖਾਸ ਹੁੰਦਾ,
ਮਾਹੌਲ ਟੱਕਰ ਦਾ ਰਹਿੰਦਾ ਹੈ ਨਿੱਤ ਬੇਲੀ।
ਭਿੜਦੇਸਿੱਧੇ ਫਿਰ ਦੇਖੀ ਜਾਉਪੱਖ ਦੋਵੇਂ,
ਕੋਈ ਵੀ ਦਿਨ ਜਾਂ ਦੇਖ ਲਉ ਥਿੱਤ ਬੇਲੀ।
ਜਿਹੜੇ ਅੱਜ 'ਕੱਠੇ, ਭਲਕੇ ਲੜਨ ਲਗਦੇ,
ਕੋਈ ਨਹੀਂ ਜਾਪਦਾ ਕਿਸੇ ਦਾ ਮਿੱਤ ਬੇਲੀ।
ਖੁਸ਼ੀ-ਗਮੀ ਜਿਹਾ ਕੋਈ ਵੀ ਵਕਤ ਹੁੰਦਾ,
ਸਦਾ ਉਹ ਭਾਲਣਗੇ ਹਾਰ ਤੇ ਜਿੱਤ ਬੇਲੀ।
ਅੜਿੱਕਾ ਪੈਂਦਾ ਤਾਂ ਮਾਸਾ ਨਾ ਫਰਕ ਪੈਂਦਾ,
ਦਿੱਸਦੀ ਟੀ ਵੀ'ਤੇ ਲੋਕਾਂ ਨੂੰ ਸ਼ਕਲ ਬੇਲੀ।
ਜਾਣੀ ਸ਼ਕਲ ਹੀ ਲੋਕਾਂ ਕੋਲ ਚਾਹੀਦੀ ਆ,
ਰੱਖਣੀ ਚਾਹੀਦੀ ਢੱਕੀ ਹੋਈ ਅਕਲ ਬੇਲੀ।

**ਤੀਸ ਮਾਰ ਖਾਂ**


# ਪੰਜਾਬੀ ਨੌਜਵਾਨ ਨੇ 3 ਔਰਤਾਂ ਨਾਲ ਕੀਤਾ ਬਲਾਤਕਾਰ, ਪੀਲ ਪੁਲਿਸ ਨੇ ਕੀਤਾ ਗ੍ਰਿਫ਼ਤਾਰ

ਟੋਰਾਂਟੋ, 28 ਨਵੰਬਰ (ਪੋਸਟ ਬਿਊਰੋ): ਪੀਲ ਪੁਲਿਸ ਨੇ ਇੱਕ ਪੰਜਾਬੀ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ। ਨੌਜਵਾਨ 'ਤੇ ਤਿੰਨ ਔਰਤਾਂ ਨਾਲ ਬਲਾਤਕਾਰ ਕਰਨ ਦਾ ਦੋਸ਼ ਹੈ। ਸਾਰੀਆਂ ਘਟਨਾਵਾਂ ਇਸੇ ਮਹੀਨੇ ਦੀਆਂ ਹਨ। ਮੁਲਜ਼ਮ ਔਰਤਾਂ ਨੂੰ ਰਾਈਡਸ਼ੇਅਰ ਆਪ੍ਰੇਟਰ ਦੱਸ ਕੇ ਆਪਣੇ ਜਾਲ ਵਿੱਚ ਫਸਾ ਲੈਂਦਾ ਸੀ ਅਤੇ ਫਿਰ ਉਨ੍ਹਾਂ ਨੂੰ ਅਲੱਗ-ਥਲੱਗ ਥਾਂਵਾਂ 'ਤੇ ਲਿਜਾਕੇ ਉਨ੍ਹਾਂ ਨਾਲ ਬਲਾਤਕਾਰ ਕਰਦਾ ਸੀ।

ਫੜ੍ਹੇ ਗਏ ਨੌਜਵਾਨ ਦੀ ਪਹਿਚਾਣ ਅਰਸ਼ਦੀਪ ਸਿੰਘ (22) ਵਜੋਂ ਹੋਈ ਹੈ। ਇਹ ਨੌਜਵਾਨ ਦਸੰਬਰ 2022 'ਚ ਸਟੱਡੀ ਵੀਜ਼ੇ 'ਤੇ ਪੰਜਾਬ ਤੋਂ ਕੈਨੇਡਾ ਆਇਆ ਸੀ। ਉਹ ਕੈਨੇਡਾ ਦੇ ਬਰੈਂਪਟਨ ਸ਼ਹਿਰ ਵਿੱਚ ਰਹਿ ਰਿਹਾ ਸੀ।

ਪੀਲ ਅਤੇ ਯਾਕ ਪੁਲਿਸ ਨੇ ਮਾਮਲੇ ਨੂੰ ਸੁਲਝਾਉਣ ਲਈ ਸਾਂਝਾ ਆਪ੍ਰੇਸ਼ਨ ਸ਼ੁਰੂ ਕੀਤਾ ਹੈ। ਪੀੜਤ ਔਰਤਾਂ ਨੇ ਦੱਸਿਆ ਕਿ ਉਕਤ ਨੌਜਵਾਨ ਸਮੇਂ-ਸਮੇਂ 'ਤੇ ਪੰਜਾਬੀ 'ਚ ਗੱਲ ਕਰਦਾ ਸੀ। ਜਿਸ ਤੋਂ ਬਾਅਦ ਪੁਲਿਸ ਨੇ ਪੰਜਾਬੀ ਮੂਲ ਦੇ ਨੌਜਵਾਨ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ। ਕੱਲ੍ਹ (27 ਨਵੰਬਰ) ਪੁਲਿਸ ਨੇ ਮੁਲਜ਼ਮ ਨੂੰ ਫੜ੍ਹ ਲਿਆ।

ਮੁਲਜ਼ਮ ਖਿਲਾਫ਼ ਤਿੰਨ ਕੇਸ ਦਰਜ ਕੀਤੇ ਗਏ ਹਨ। ਜਿਨਸੀ ਹਮਲੇ, ਹਥਿਆਰਾਂ ਨਾਲ ਜਿਨਸੀ ਹਮਲਾ, ਗਲਾ ਘੁੱਟ ਕੇ ਜਿਨਸੀ ਹਮਲੇ, ਲੁੱਟ ਅਤੇ ਡਰਾਉਣ ਦੀਆਂ ਧਾਰਾਵਾਂ ਜੋੜੀਆਂ ਗਈਆਂ ਹਨ। ਮੁਲਜ਼ਮ ਨੂੰ ਬਰੈਂਪਟਨ ਦੀ ਓਨਟਾਰੀਓ ਕੋਰਟ ਆਫ ਜਸਟਿਸ ਵਿੱਚ ਪੇਸ਼ ਕੀਤਾ ਗਿਆ ਹੈ। ਪੁਲਿਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਹੋਰ ਨੂੰ ਵੀ ਇਸ ਮੁਲਜ਼ਮ ਸਬੰਧੀ ਕੋਈ ਜਾਣਕਾਰੀ ਹੋਵੇ ਤਾਂ ਉਹ ਤੁਰੰਤ ਪੁਲਿਸ ਨਾਲ ਸੰਪਰਕ ਕਰੇ।



ਜਾਣਕਾਰੀ ਅਨੁਸਾਰ 8 ਨਵੰਬਰ, 2024 ਤਕਰੀਬਨ ਸਵੇਰੇ 7:00 ਵਜੇ ਇੱਕ ਔਰਤ ਇੱਕ ਬੱਸ ਸਟਾਪ (ਕੰਟਰੀਸਾਈਡ ਡਰਾਈਵ ਅਤੇ ਬਰਮਲੇ ਰੋਡ, ਬਰੈਂਪਟਨ) 'ਤੇ ਖੜ੍ਹੀ ਸੀ। ਕਾਲੇ ਰੰਗ ਦੀ 4 ਦਰਵਾਜ਼ੇ ਵਾਲੀ ਸੇਡਾਨ ਕਾਰ ਦੇ ਡਰਾਈਵਰ ਨੇ ਆਪਣੇ ਆਪ ਨੂੰ ਰਾਈਡਸ਼ੇਅਰ ਆਪਰੇਟਰ ਵਜੋਂ ਪੇਸ਼ ਕੀਤਾ। ਔਰਤ ਨੂੰ ਵੌਨ ਸ਼ਹਿਰ (ਹਾਈਵੇਅ 27 ਅਤੇ ਨੈਸ਼ਵਿਲ ਰੋਡ) ਲੈ ਗਿਆ। ਔਰਤ ਨਾਲ ਜ਼ਬਰਦਸਤੀ ਬਲਾਤਕਾਰ ਕੀਤਾ।

ਉਸੇ ਦਿਨ ਸਵੇਰੇ 7:45 ਵਜੇ, ਇਕ ਹੋਰ ਔਰਤ ਗੋਰਿਜ਼ ਕ੍ਰੇਸੈਂਟ ਅਤੇ ਵਾਇਆ ਰੋਮਾਨੋ ਵੇ (ਬਰੈਂਪਟਨ) ਦੇ ਬੱਸ ਸਟਾਪ 'ਤੇ ਸੀ। ਮੁਲਜ਼ਮ ਉਸ ਨੂੰ ਹਾਈਵੇਅ 50 (ਗੋਰ ਰੋਡ ਦੇ ਦੱਖਣ) 'ਤੇ ਲੈ ਗਿਆ। ਉਸ ਦਾ ਜਿਨਸੀ ਸ਼ੋਸ਼ਣ ਕੀਤਾ।

16 ਨਵੰਬਰ, 2024 ਸਵੇਰੇ 6:45 ਵਜੇ ਦੇ ਕਰੀਬ, ਇੱਕ ਔਰਤ ਏਅਰਪੋਰਟ ਰੋਡ ਅਤੇ ਹੰਬਰਵੈਸਟ ਪਾਰਕਵੇਅ (ਬਰੈਂਪਟਨ) ਦੇ ਨੇੜੇ ਇੱਕ ਬੱਸ ਸਟਾਪ 'ਤੇ ਖੜ੍ਹੀ ਸੀ। ਮੁਲਜ਼ਮ ਔਰਤ ਨੂੰ ਕਾਊਂਟਰਾਈਡ ਡਰਾਈਵ (ਏਅਰਪੋਰਟ ਰੋਡ ਨੇੜੇ) ਲੈ ਗਿਆ। ਔਰਤ ਨਾਲ ਜ਼ਬਰਦਸਤੀ ਬਲਾਤਕਾਰ ਕੀਤਾ।

# ਲੇਬਨਾਨ 'ਚ ਜੰਗਬੰਦੀ ਦੇ ਅਗਲੇ ਹੀ ਦਿਨ ਇਜ਼ਰਾਈਲ ਅਤੇ ਹਿਜ਼ਬੁੱਲਾ ਨੇ ਇੱਕ ਦੂਜੇ 'ਤੇ ਜੰਗਬੰਦੀ ਨੂੰ ਤੋੜਨ ਦਾ ਲਗਾਇਆ ਦੋਸ਼



ਬੇਰੂਤ, 28 ਨਵੰਬਰ (ਪੋਸਟ ਬਿਊਰੋ): ਲੇਬਨਾਨ 'ਚ ਜੰਗਬੰਦੀ ਦੇ ਅਗਲੇ ਹੀ ਦਿਨ ਇਜ਼ਰਾਈਲ ਅਤੇ ਹਿਜ਼ਬੁੱਲਾ ਇੱਕ ਦੂਜੇ 'ਤੇ ਸਮਝੌਤੇ ਦੀ ਉਲੰਘਣਾ ਦਾ ਦੋਸ਼ ਲਗਾ ਰਹੇ ਹਨ। ਹਿਜ਼ਬੁੱਲਾ ਦੇ ਸੰਸਦ ਮੈਂਬਰ ਹਸਨ ਫਦਲੱਲਾ ਨੇ ਕਿਹਾ- ਇਜ਼ਰਾਈਲ ਸਰਹੱਦ ਨਾਲ ਲੱਗਦੇ ਪਿੰਡਾਂ 'ਚ ਪਰਤਣ ਵਾਲਿਆਂ 'ਤੇ ਹਮਲਾ ਕਰ ਰਿਹਾ ਹੈ। ਇਜ਼ਰਾਈਲੀ ਟੈਂਕਾਂ ਨੇ ਵੀਰਵਾਰ ਨੂੰ ਸਰਹੱਦ ਦੇ ਨੇੜੇ ਦੇ ਇਲਾਕਿਆਂ 'ਤੇ ਹਮਲਾ ਕੀਤਾ।

ਰਾਈਟਰਜ਼ ਅਨੁਸਾਰ, ਹਿਜ਼ਬੁੱਲਾ ਦੀ ਕੇਂਦਰੀ ਲੀਡਰਸ਼ਿਪ ਨੇ ਇੱਕ ਬਿਆਨ ਜਾਰੀ ਕਰਕੇ ਫਲਸਤੀਨੀਆਂ ਦੇ ਸਮਰਥਨ ਵਿੱਚ ਇਜ਼ਰਾਈਲੀ ਦੁਸ਼ਮਣ ਦਾ ਵਿਰੋਧ ਜਾਰੀ ਰੱਖਣ ਦਾ ਵਾਅਦਾ ਕੀਤਾ ਹੈ। ਬਿਆਨ 'ਚ ਕਿਹਾ ਗਿਆ ਹੈ ਕਿ ਸਾਡੀਆਂ ਉਂਗਲਾਂ ਟਰਿੱਗਰ 'ਤੇ ਰੱਖੀਆਂ ਹਨ ਅਤੇ ਅਸੀਂ ਲੇਬਨਾਨ ਨਾਲ ਲੱਗਦੀ ਸਰਹੱਦ ਪਾਰ ਤੋਂ ਵੀ ਇਜ਼ਰਾਈਲੀ ਬਲਾਂ ਦੀ ਵਾਪਸੀ 'ਤੇ ਨਜ਼ਰ ਰੱਖਾਂਗੇ।

ਹਿਜ਼ਬੁੱਲਾ ਦੇ ਬਿਆਨ ਵਿੱਚ ਕਿਤੇ ਵੀ ਜੰਗਬੰਦੀ ਸਮਝੌਤੇ ਦਾ ਸਿੱਧਾ ਜ਼ਿਕਰ ਨਹੀਂ ਸੀ। ਇਸ ਦੇ ਨਾਲ ਹੀ ਇਜ਼ਰਾਈਲ ਦਾ ਕਹਿਣਾ ਹੈ ਕਿ ਵਾਹਨਾਂ 'ਚ ਸਫਰ ਕਰ ਰਹੇ ਕੁਝ ਸ਼ੱਕੀ ਲੋਕ ਲੇਬਨਾਨ ਦੇ ਦੱਖਣੀ ਖੇਤਰ 'ਚ ਪਹੁੰਚ ਗਏ ਸਨ।

# ਸੁਨੀਤਾ ਵਿਲੀਅਮਜ਼ ਨੇ ਸਪੇਸ ਸਟੇਸ਼ਨ ਵਿੱਚ ਬੁਚ ਵਿਲਮੋਰ ਅਤੇ ਸਹਿਕਰਮੀਆਂ ਨਾਲ ਥੈਂਕਸਗਿਵਿੰਗ ਡੇਅ ਮਨਾਇਆ

ਵਾਸ਼ਿੰਗਟਨ, 28 ਨਵੰਬਰ (ਪੋਸਟ ਬਿਊਰੋ): ਨਾਸਾ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼, ਪੁਲਾੜ ਯਾਤਰੀ ਬਿਚ ਵਿਲਮੋਰ ਅਤੇ 2 ਹੋਰ ਸਹਿਯੋਗੀਆਂ ਨਾਲ ਥੈਂਕਸਗਿਵਿੰਗ ਦਿਵਸ ਮਨਾਇਆ, ਜੋ ਪਿਛਲੇ 6 ਮਹੀਨਿਆਂ ਤੋਂ ਪੁਲਾੜ ਸਟੇਸ਼ਨ 'ਤੇ ਹਨ। ਸੁਨੀਤਾ ਵਿਲੀਅਮਜ਼ ਅਤੇ ਹੋਰ ਪੁਲਾੜ ਯਾਤਰੀਆਂ ਨੇ ਥੈਂਕਸਗਿਵਿੰਗ ਡੇ ਮਨਾਉਣ ਦਾ ਵੀਡੀਓ ਵੀ ਜਾਰੀ ਕੀਤਾ ਹੈ।



ਇਸ ਵੀਡੀਓ 'ਚ ਸਾਰੇ ਪੁਲਾੜ ਯਾਤਰੀ ਪੈਕਡ ਫੂਡ ਦੇ ਪੈਕੇਟ ਕੱਢਦੇ ਨਜ਼ਰ ਆ ਰਹੇ ਹਨ। ਇਨ੍ਹਾਂ ਪੈਕਟਾਂ ਵਿੱਚ ਸਮੋਕ ਕੀਤੀ ਟਰਕੀ, ਕਰੈਨਬੇਰੀ ਸੌਸ ਅਤੇ ਹੋਰ ਖਾਣ-ਪੀਣ ਦੀਆਂ ਵਸਤੂਆਂ ਸਨ। ਅੱਜ ਸਾਰੇ ਪੁਲਾੜ ਯਾਤਰੀ ਆਪਣੇ ਰੋਜ਼ਾਨਾ ਦੇ ਕੰਮ ਤੋਂ ਛੁੱਟੀ ਲੈਣਗੇ। ਇਸ ਦੇ ਨਾਲ ਹੀ ਉਹ ਆਪਣੇ ਪਰਿਵਾਰਕ ਮੈਂਬਰਾਂ ਨਾਲ ਵੀ ਵੀਡੀਓ ਕਾਲ 'ਤੇ ਗੱਲ ਕਰਨਗੇ।

ਥੈਂਕਸਗਿਵਿੰਗ ਡੇਅ ਅਮਰੀਕਾ ਅਤੇ ਕੈਨੇਡਾ ਸਮੇਤ ਕਈ ਦੇਸ਼ਾਂ ਵਿੱਚ ਸਾਲਾਨਾ ਛੁੱਟੀ ਵਜੋਂ ਮਨਾਇਆ ਜਾਂਦਾ ਹੈ। ਅਮਰੀਕੀ ਰਾਸ਼ਟਰਪਤੀ ਅਬ੍ਰਾਹਮ ਲਿੰਕਨ ਨੇ 1863 ਵਿੱਚ ਇਸਨੂੰ ਰਾਸ਼ਟਰੀ ਛੁੱਟੀ ਘੋਸ਼ਿਤ ਕੀਤਾ ਸੀ। ਅੱਜ ਥੈਂਕਸਗਿਵਿੰਗ ਡੇਅ 'ਤੇ ਅਮਰੀਕਾ ਦੇ ਨਿਊਯਾਰਕ 'ਚ ਮੇਸੀਜ਼ ਦੀ ਪਰੇਡ ਕੱਢੀ ਜਾਵੇਗੀ।

ਸੁਨੀਤਾ ਵਿਲੀਅਮਜ਼ ਅਤੇ ਬੁਚ ਵਿਲਮੋਰ ਨੂੰ ਇਸ ਸਾਲ 5 ਜੂਨ ਨੂੰ ਬੋਇੰਗ ਦੇ ਨਵੇਂ ਸਟਾਰਲਾਈਨਰ ਕੈਪਸੂਲ ਵਿੱਚ ਆਈਐੱਸਐੱਸ ਵਿੱਚ ਭੇਜਿਆ ਗਿਆ ਸੀ। ਅੱਜ ਉਨ੍ਹਾਂ ਨੂੰ ਪੁਲਾੜ ਵਿੱਚ ਫਸੇ 176 ਦਿਨ ਹੋ ਗਏ ਹਨ।

## ਲਾਲਜੀਤ ਸਿੰਘ ਭੁੱਲਰ ਵੱਲੋਂ ਸੂਬੇ ਵਿੱਚ ਸੜਕ ਹਾਦਸਿਆਂ 'ਚ ਮੌਤ ਦਰ ਘਟਾਉਣ ਲਈ ਜ਼ੋਰਦਾਰ ਮੁਹਿੰਮ ਦੀ ਸ਼ੁਰੂਆਤ

ਚੰਡੀਗੜ੍ਹ, 28 ਨਵੰਬਰ (ਪੋਸਟ ਬਿਊਰੋ): ਸੂਬੇ ਭਰ ਵਿੱਚ ਸੜਕ ਹਾਦਸਿਆਂ 'ਚ ਹੋਣ ਵਾਲੀਆਂ ਮੌਤਾਂ ਦੀ ਦਰ ਘਟਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਸੂਬੇ ਭਰ ਵਿੱਚ ਸੜਕ ਸੁਰੱਖਿਆ ਵਧਾਉਣ ਲਈ ਬਹੁ-ਪੱਖੀ ਰਣਨੀਤੀ ਦੀ ਰੂਪ ਰੇਖਾ ਉਲੀਕੀ। ਉਨ੍ਹਾਂ ਟ੍ਰੈਫਿਕ ਉਲੰਘਣਾਵਾਂ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਉਣ 'ਤੇ ਜ਼ੋਰ ਦਿੱਤਾ ਅਤੇ ਹੋਰ ਕਈ ਮਹੱਤਵਪੂਰਨ ਫ਼ੈਸਲੇ ਲਏ।

ਇੱਥੇ ਪੰਜਾਬ ਭਵਨ ਵਿਖੇ ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ (ਪੀ.ਐਸ.ਆਰ.ਐਸ.ਸੀ) ਦੀ 15ਵੀਂ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਵਿਭਾਗੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਲਈ ਲਾਜ਼ਮੀ ਮਹੀਨਾਵਾਰ ਸਮੀਖਿਆ ਮੀਟਿੰਗਾਂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਨਿਰਧਾਰਤ ਟੀਚਿਆਂ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹਿਣ ਵਾਲੇ ਵਿਭਾਗਾਂ ਵਿਰੁੱਧ ਸਖ਼ਤ ਪ੍ਰਸ਼ਾਸਨਿਕ ਕਾਰਵਾਈ ਕੀਤੀ ਜਾਵੇਗੀ।

# ਟਰੰਪ ਨੇ ਜ਼ੁਕਰਬਰਗ ਨੂੰ ਡਿਨਰ ਲਈ ਘਰ ਬੁਲਾਇਆ

ਵਾਸ਼ਿੰਗਟਨ, 28 ਨਵੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਬੁੱਧਵਾਰ ਨੂੰ ਫੇਸਬੁੱਕ ਦੇ ਸੀਈਓ ਮਾਰਕ ਜ਼ੁਕਰਬਰਗ ਨਾਲ ਮੁਲਾਕਾਤ ਕੀਤੀ। ਜ਼ੁਕਰਬਰਗ, ਜਿਸ ਨੂੰ ਟਰੰਪ ਨੇ ਇਕ ਵਾਰ ਜੇਲ੍ਹ ਭੇਜਣ ਦੀ ਧਮਕੀ ਦਿੱਤੀ ਸੀ, ਨੇ ਉਨ੍ਹਾਂ ਨੂੰ ਫਲੋਰੀਡਾ ਵਿਚ ਆਪਣੇ ਰਿਜ਼ੋਰਟ ਮਾਰ-ਏ-ਲਾਗੋ ਵਿਚ ਰਾਤ ਦੇ ਖਾਣੇ ਲਈ ਸੱਦਾ ਦਿੱਤਾ ਸੀ। ਟਰੰਪ ਦੇ ਦੂਜੇ ਕਾਰਜਕਾਲ ਲਈ ਡਿਪਟੀ ਚੀਫ ਆਫ ਸਟਾਫ ਨਿਯੁਕਤ ਕੀਤੇ ਗਏ ਸਟੀਫਨ ਮਿਲਰ ਨੇ ਇਹ ਜਾਣਕਾਰੀ ਦਿੱਤੀ।

ਮਿਲਰ ਨੇ ਕਿਹਾ ਕਿ ਜ਼ੁਕਰ-ਬਰਗ ਹੋਰ ਕਾਰੋਬਾਰੀਆਂ ਵਾਂਗ ਟਰੰਪ ਦੀਆਂ ਆਰਥਿਕ ਯੋਜਨਾਵਾਂ ਦਾ ਸਮਰਥਨ ਕਰਨਾ ਚਾਹੁੰਦੇ ਹਨ। ਟਰੰਪ ਦੇ ਨਾਲ ਖਰਾਬ ਸਬੰਧਾਂ ਤੋਂ ਬਾਅਦ, ਤਕਨੀਕੀ ਸੀਈਓ ਆਪਣੀ ਕੰਪਨੀ ਦਾ ਅਕਸ ਬਦਲਣ ਦੀ ਕੋਸ਼ਿਸ਼ ਕਰ ਰਹੇ ਹਨ।



ਫੌਕਸ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ, ਮਿਲਰ ਨੇ ਕਿਹਾ ਕਿ ਸਪੱਸ਼ਟ ਤੌਰ 'ਤੇ, ਮਾਰਕ ਦੇ ਆਪਣੇ ਹਿੱਤ ਹਨ, ਉਨ੍ਹਾਂ ਦੀ ਆਪਣੀ ਕੰਪਨੀ ਹੈ ਅਤੇ ਉਨ੍ਹਾਂ ਦਾ ਆਪਣਾ ਏਜੰਡਾ ਹੈ, ਪਰ ਉਨ੍ਹਾਂ ਨੇ ਸਪੱਸ਼ਟ ਕੀਤਾ ਹੈ ਕਿ ਉਹ ਟਰੰਪ ਦੀ ਅਗਵਾਈ ਵਿੱਚ ਅਮਰੀਕਾ ਦੇ ਰਾਸ਼ਟਰੀ ਵਿਕਾਸ ਦਾ ਸਮਰਥਨ ਕਰਨਾ ਚਾਹੁੰਦੇ ਹਨ।

ਜਨਵਰੀ 2021 ਵਿੱਚ ਯੂਐੱਸ ਕੈਪੀਟਲ ਵਿੱਚ ਹਿੰਸਾ ਤੋਂ ਬਾਅਦ ਮਾਰਕ ਜ਼ੁਕਰਬਰਗ ਨੇ ਟਰੰਪ ਦੇ ਫੇਸਬੁੱਕ ਅਤੇ ਇੰਸਟਾਗ੍ਰਾਮ ਅਕਾਊਂਟਸ ਉੱਤੇ ਪਾਬੰਦੀ ਲਗਾ ਦਿੱਤੀ ਸੀ। ਇਹ ਪਾਬੰਦੀ 2 ਸਾਲ ਬਾਅਦ 2023 ਵਿੱਚ ਹਟਾਈ ਗਈ ਸੀ। ਇਸ ਕਾਰਨ ਟਰੰਪ ਅਤੇ ਜ਼ੁਕਰਬਰਗ ਦੇ ਰਿਸ਼ਤੇ ਵਿਗੜ ਗਏ ਸਨ।

# ਬਾਗੀ ਗਰੁੱਪ ਨੇ ਸੀਰੀਆ ਵਿੱਚ ਮਿਲਟਰੀ ਬੇਸ 'ਤੇ ਕੀਤਾ ਕਬਜ਼ਾ ਕੀਤਾ, 89 ਲੋਕਾਂ ਦੀ ਮੌਤ

ਦਮਿਸ਼ਕ, 28 ਨਵੰਬਰ (ਪੋਸਟ ਬਿਊਰੋ): ਸੀਰੀਆ 'ਚ ਬਾਗੀ ਸਮੂਹਾਂ ਦੇ ਹਮਲੇ 'ਚ ਬੁੱਧਵਾਰ ਨੂੰ 89 ਲੋਕ ਮਾਰੇ ਗਏ ਸਨ। ਨਿਊਯਾਰਕ ਟਾਈਮਜ਼ ਦੀ ਰਿਪੋਰਟ ਮੁਤਾਬਕ ਪਿਛਲੇ 4 ਸਾਲਾਂ 'ਚ ਬਾਗੀਆਂ ਵੱਲੋਂ ਕੀਤਾ ਗਿਆ ਇਹ ਸਭ ਤੋਂ ਵੱਡਾ ਹਮਲਾ ਸੀ। ਉਨ੍ਹਾਂ ਨੇ ਸੀਰੀਆਈ ਫੌਜ ਦੇ ਇਕ ਫੌਜੀ ਅੱਡੇ 'ਤੇ ਵੀ ਕਬਜ਼ਾ ਕਰ ਲਿਆ ਹੈ।

ਬੁੱਧਵਾਰ ਨੂੰ ਹਮਲਾ ਕਰਨ ਵਾਲੇ ਸਮੂਹਾਂ ਵਿੱਚੋਂ ਇੱਕ ਹਯਾਤ ਤਹਿਰੀਰ ਅਲ-ਸ਼ਾਮ ਨੂੰ ਅਲ ਕਾਇਦਾ ਦਾ ਸਮਰਥਨ ਪ੍ਰਾਪਤ ਹੈ। ਇਹ ਅੱਤਵਾਦੀ ਸੰਗਠਨ ਸੀਰੀਆ ਦੇ ਸਭ ਤੋਂ ਵੱਡੇ ਸ਼ਹਿਰਾਂ ਵਿੱਚੋਂ ਇੱਕ ਅਲੇਪੋ ਵਿੱਚ 9.5 ਕਿਲੋਮੀਟਰ ਤੱਕ ਘੁਸਪੈਠ ਕਰ ਚੁੱਕੇ ਹਨ। ਇਸ ਦੇ ਲੜਾਕਿਆਂ ਨੇ ਬਸ਼ਰ ਅਲ-ਅਸਦ ਦੀ ਸਰਕਾਰ ਦੀ ਹਮਾਇਤ ਕਰਨ ਵਾਲੇ ਬਲਾਂ ਤੋਂ ਹਥਿਆਰ ਅਤੇ ਵਾਹਨਾਂ 'ਤੇ ਕਬਜ਼ਾ ਕਰ ਲਿਆ ਹੈ।



ਸੀਰੀਆ ਦੇ ਬਾਗੀ ਗਰੁੱਪਾਂ ਨੇ ਟੈਲੀਗ੍ਰਾਮ 'ਤੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਸੀਰੀਆਈ ਸਰਕਾਰ ਦੇ 46 ਫੌਜੀ ਟਿਕਾਣਿਆਂ 'ਤੇ ਕਬਜ਼ਾ ਕਰ ਲਿਆ ਹੈ। ਉਨ੍ਹਾਂ ਨੇ ਸਿਰਫ 10 ਘੰਟਿਆਂ ਦੇ ਅੰਦਰ ਅਲੇਪੋ ਸ਼ਹਿਰ ਦੇ ਕਈ ਪਿੰਡਾਂ 'ਤੇ ਕਬਜ਼ਾ ਕਰ ਲਿਆ। ਹਾਲਾਂਕਿ ਸੀਰੀਆਈ ਸਰਕਾਰ ਨੇ ਇਨ੍ਹਾਂ ਦਾਅਵਿਆਂ 'ਤੇ ਕੁਝ ਨਹੀਂ ਕਿਹਾ ਹੈ।

2020 ਵਿੱਚ, ਤੁਰਕੀ ਦੀ ਮਦਦ ਨਾਲ, ਬਾਗੀਆਂ ਅਤੇ ਅਸਦ ਸਰਕਾਰ ਵਿਚਕਾਰ ਇੱਕ ਸਮਝੌਤਾ ਹੋਇਆ, ਜਿਸ ਨਾਲ ਉੱਥੇ ਵੱਡੇ ਹਮਲੇ ਘਟੇ।

TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ



Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ



Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਪ੍ਰਿਅੰਕਾ ਗਾਂਧੀ ਨੇ ਸੰਸਦ ਮੈਂਬਰ ਵਜੋਂ ਚੁੱਕੀ ਸਹੁੰ



ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਕਾਂਗਰਸ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ ਨੇ ਅੱਜ ਪਹਿਲੀ ਵਾਰ ਲੋਕ ਸਭਾ ਵਿੱਚ ਸੰਸਦ ਮੈਂਬਰ ਵਜੋਂ ਸਹੁੰ ਚੁੱਕੀ। ਕੇਰਲ ਦੇ ਵਾਇਨਾਡ ਤੋਂ ਲੋਕ ਸਭਾ ਉਪ ਚੋਣ ਵਿੱਚ ਸ਼ਾਨਦਾਰ ਜਿੱਤ ਹਾਸਿਲ ਕਰਨ ਤੋਂ ਬਾਅਦ ਉਹ ਸੰਸਦ ਵਿੱਚ ਆਪਣੀ ਨਵੀਂ ਭੂਮਿਕਾ ਵਿੱਚ ਪ੍ਰਵੇਸ਼ ਕਰ ਰਹੇ ਹਨ। ਪ੍ਰਿਅੰਕਾ ਗਾਂਧੀ ਵਾਡਰਾ ਆਪਣੇ ਭਰਾ ਰਾਹੁਲ ਗਾਂਧੀ ਅਤੇ ਮਾਂ ਸੋਨੀਆ ਗਾਂਧੀ ਦੇ ਨਾਲ ਸੰਸਦ ਵਿੱਚ ਇਕੱਠੇ ਮੌਜੂਦ ਰਹਿਣਗੇ।

ਪ੍ਰਿਯੰਕਾ ਗਾਂਧੀ ਵਾਡਰਾ ਦਾ ਲੋਕ ਸਭਾ ’ਚ ਦਾਖਲਾ ਗਾਂਧੀ ਪਰਿਵਾਰ ਲਈ ਇਤਿਹਾਸਕ ਪਲ ਹੈ, ਕਿਉਂਕਿ ਇਹ ਤਿੰਨੇ ਮੈਂਬਰ ਦਹਾਕਿਆਂ ਬਾਅਦ ਸੰਸਦ ’ਚ ਇਕੱਠੇ ਨਜ਼ਰ ਆਉਣਗੇ। ਪ੍ਰਿਅੰਕਾ ਗਾਂਧੀ ਵਾਡਰਾ ਅਤੇ ਰਾਹੁਲ ਗਾਂਧੀ ਦੋਵੇਂ ਲੋਕ ਸਭਾ ਵਿੱਚ ਹੋਣਗੇ, ਜਦੋਂਕਿ ਉਨ੍ਹਾਂ ਦੀ ਮਾਂ ਸੋਨੀਆ ਗਾਂਧੀ ਪਹਿਲਾਂ ਹੀ ਰਾਜ ਸਭਾ ਮੈਂਬਰ ਵਜੋਂ ਮੌਜੂਦ ਹਨ। ਸੋਨੀਆ ਗਾਂਧੀ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਰਾਇਬਰੇਲੀ ਤੋਂ ਚੋਣ ਨਾ ਲੜਨ ਦਾ ਫੈਸਲਾ ਕੀਤਾ ਹੈ, ਇਸ ਲਈ ਉਹ ਰਾਜ ਸਭਾ ਵਿੱਚ ਹਨ। ਸੋਨੀਆ ਗਾਂਧੀ ਅਤੇ ਮਰਹੂਮ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਤੋਂ ਬਾਅਦ ਪ੍ਰਿਅੰਕਾ ਗਾਂਧੀ ਵਾਡਰਾ ਪਰਿਵਾਰ ਦੀ ਤੀਜੀ ਮਹਿਲਾ ਮੈਂਬਰ ਬਣ ਗਏ ਹਨ, ਜਿਨ੍ਹਾਂ ਨੇ ਸੰਸਦ ਮੈਂਬਰ ਵਜੋਂ ਸਹੁੰ ਚੁੱਕੀ ਹੈ।

ਪ੍ਰਿਅੰਕਾ ਗਾਂਧੀ ਵਾਡਰਾ ਨੇ ਵਾਇਨਾਡ ਸੀਟ ਤੋਂ ਆਪਣੇ ਨਜ਼ਦੀਕੀ ਵਿਰੋਧੀ ਸੀਪੀਐਮ ਦੇ ਸੱਤਿਆਨ ਮੋਕੇਰੀ ਨੂੰ ਚਾਰ ਲੱਖ ਤੋਂ ਵੱਧ ਵੋਟਾਂ ਦੇ ਫਰਕ ਨਾਲ ਹਰਾਇਆ। ਪ੍ਰਿਅੰਕਾ ਨੂੰ ਇਸ ਸੀਟ ‘ਤੇ ਕੁੱਲ 6.22 ਲੱਖ ਵੋਟਾਂ ਮਿਲੀਆਂ, ਜੋ 2024 ਦੀਆਂ ਚੋਣਾਂ ’ਚ ਰਾਹੁਲ ਗਾਂਧੀ ਨੂੰ ਮਿਲੀਆਂ ਵੋਟਾਂ ਤੋਂ ਜ਼ਿਆਦਾ ਸਨ। ਰਾਹੁਲ ਗਾਂਧੀ ਨੇ ਪਹਿਲਾਂ ਵਾਇਨਾਡ ਤੋਂ ਚੋਣ ਲੜਨ ਦਾ ਫੈਸਲਾ ਕੀਤਾ ਸੀ, ਪਰ ਬਾਅਦ ਵਿੱਚ ਉਨ੍ਹਾਂ ਨੇ ਆਪਣੀ ਸੀਟ ਖਾਲੀ ਕਰ ਦਿੱਤੀ ਅਤੇ ਪ੍ਰਿਅੰਕਾ ਨੂੰ ਇੱਥੋਂ ਉਮੀਦਵਾਰ ਬਣਾਇਆ।

## ਸੰਸਦ ਦੇ ਦੋਨਾਂ ਸਦਨਾਂ ’ਚ ਕਈ ਅਹਿਮ ਮੁੱਦਿਆਂ ’ਤੇ ਹੰਗਾਮਾ

# ਚੇਅਰਮੈਨ ਜਗਦੀਪ ਧਨਖੜ ਨੇ ਕਿਹਾ- ਸੰਸਦੀ ਵਿਵਾਦ ਸਾਡੇ ਲੋਕਤੰਤਰ ਨੂੰ ਕਮਜ਼ੋਰ ਕਰਦੇ ਹਨ



ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਸਰਦ ਰੁੱਤ ਇਜਲਾਸ ਦੌਰਾਨ ਵੀਰਵਾਰ ਨੂੰ ਸੰਸਦ ਦੇ ਦੋਨਾਂ ਸਦਨਾਂ ’ਚ ਕਈਂ ਅਹਿਮ ਮੁੱਦਿਆਂ ’ਤੇ ਹੰਗਾਮਾ ਹੋਇਆ, ਜਿਸਦੇ ਚੱਲਦੇ ਸਦਨ ਦੀ ਕਾਰਵਾਈ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ ਗਈ। ਲੋਕ ਸਭਾ ਦੀ ਕਾਰਵਾਈ ਦੌਰਾਨ ਵਿਰੋਧੀ ਧਿਰ ਨੇ ਗੌਤਮ ਅਡਾਨੀ ’ਤੇ ਲੱਗੇ ਦੋਸ਼, ਉੱਤਰ ਪ੍ਰਦੇਸ਼ ਦੇ ਸੰਭਲ ’ਚ ਹੰਗਾਮਾ, ਮਣੀਪੁਰ ਹਿੰਸਾ, ਬੇਰੁਜ਼ਗਾਰੀ ਅਤੇ ਮਹਿੰਗਾਈ ਸਮੇਤ ਕਈ ਮੁੱਦਿਆਂ ’ਤੇ ਚਰਚਾ ਦੀ ਮੰਗ ਨੂੰ ਲੈ ਕੇ ਸਦਨ ’ਚ ਹੰਗਾਮਾ ਕੀਤਾ।

ਰਾਜ ਸਭਾ ’ਚ ਸਦਨ ਦੀ ਕਾਰਵਾਈ ਦੌਰਾਨ ਹੰਗਾਮੇ ’ਤੇ ਚੇਅਰਮੈਨ ਜਗਦੀਪ ਧਨਖੜ ਨੇ ਵਿਰੋਧੀ ਧਿਰ ਦੇ ਰਵੱਈਏ ’ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕੀਤੀ ਹੈ। ਚੇਅਰਮੈਨ ਨੇ ਕਿਹਾ ਕਿ ਸੰਸਦੀ ਵਿਵਾਦ ਨਾਲ ਲੋਕਤੰਤਰ ਕਮਜ਼ੋਰ ਹੁੰਦਾ ਹੈ। ਦਰਅਸਲ, ਰਾਜ ਸਭਾ ਦੀ ਕਾਰਵਾਈ ਸ਼ੁਰੂ ਹੁੰਦੇ ਹੀ ਵਿਰੋਧੀ ਸੰਸਦ ਮੈਂਬਰਾਂ ਨੇ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ। ਵਿਰੋਧੀ ਧਿਰ ਦੇ ਸੰਸਦ ਮੈਂਬਰ ਅਡਾਨੀ ਮਾਮਲੇ ’ਤੇ ਚਰਚਾ ਦੀ ਮੰਗ ’ਤੇ ਅੜੇ ਰਹੇ। ਇਸ ’ਤੇ ਚੇਅਰਮੈਨ ਜਗਦੀਪ ਧਨਖੜ ਨੇ ਕਿਹਾ ਕਿ ‘ਇਹ ਸਦਨ ਬਹਿਸ ਦੇ ਸਦਨ ਨਾਲੋਂ ਜ਼ਿਆਦਾ ਹੈ। ਸੰਸਦੀ ਵਿਵਾਦ ਸਾਡੇ ਲੋਕਤੰਤਰ ਨੂੰ ਕਮਜ਼ੋਰ ਕਰਦੇ ਹਨ।

ਕਾਂਗਰਸ ਦੇ ਸੰਸਦ ਮੈਂਬਰ ਰਣਦੀਪ ਸੁਰਜੇਵਾਲਾ ਨੇ ਅਡਾਨੀ ਮੁੱਦੇ ‘ਤੇ ਚਰਚਾ ਲਈ ਰਾਜ ਸਭਾ ’ਚ ਨਿਯਮ 267 ਦੇ ਤਹਿਤ ਕਾਰੋਬਾਰੀ ਮੁਅੱਤਲੀ ਦਾ ਨੋਟਿਸ ਦਿੱਤਾ ਹੈ।

ਦੂਜੇ ਪਾਸੇ ਵਕਫ਼ ਸੋਧ ਬਿੱਲ ’ਤੇ ਬਣੀ ਸਾਂਝੀ ਸੰਸਦੀ ਕਮੇਟੀ ਦਾ ਕਾਰਜਕਾਲ ਵਧਾ ਦਿੱਤਾ ਗਿਆ ਹੈ। ਇਸ ਸੰਬੰਧੀ ਲੋਕ ਸਭਾ ਨੇ ਵੀ ਇਸ ਨੂੰ ਮਨਜ਼ੂਰੀ ਦੇ ਦਿੱਤੀ ਹੈ। ਮਨਜ਼ੂਰੀ ਤੋਂ ਬਾਅਦ ਜੇਪੀਸੀ ਦਾ ਕਾਰਜਕ-ਾਲ ਬਜਟ ਸੈਸ਼ਨ ਦੇ ਆਖਰੀ ਦਿਨ ਤੱਕ ਰਹੇਗਾ। ਜੇਪੀਸੀ ਨੇ ਵਕਫ਼ ਬਿੱਲ ’ਤੇ ਆਪਣੀ ਰਿਪੋਰਟ ਸੰਸਦ ਦੇ ਸਰਦ ਰੁੱਤ ਇਜਲਾਸ ‘ਚ ਪੇਸ਼ ਕਰਨੀ ਸੀ ਪਰ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਦੀ ਮੰਗ ’ਤੇ ਇਸ ਦਾ ਕਾਰਜਕਾਲ ਬਜਟ ਸੈਸ਼ਨ ਦੇ ਆਖਰੀ ਦਿਨ ਤੱਕ ਵਧਾ ਦਿੱਤਾ ਗਿਆ ਹੈ।

ਵੀਰਵਾਰ ਨੂੰ ਸੰਸਦ ’ਚ ਕੋਈ ਕੰਮਕਾਜ ਨਹੀਂ ਹੋ ਸਕਿਆ ਅਤੇ ਸਦਨ ਦੀ ਕਾਰਵਾਈ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ ਗਈ।

# ਮਹਿਲਾ ਪਾਇਲਟ ਨੇ ਕੀਤੀ ਖ਼ੁਦਕੁਸ਼ੀ, ਬੁਆਏਫ੍ਰੈਂਡ ’ਤੇ ਲੱਗੇ ਦੋਸ਼



ਮੁੰਬਈ, 28 ਜਵੰਬਰ (ਪੋਸਟ ਬਿਊਰੋ): ਮੁੰਬਈ ’ਚ ਮਹਿਲਾ ਪਾਇਲਟ ਖੁਦਕੁਸ਼ੀ ਮਾਮਲੇ ’ਚ ਨਵੇਂ ਖੁਲਾਸੇ ਹੋਏ ਹਨ। ਪੁਲਿਸ ਜਾਂਚ ’ਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਪ੍ਰੇਮੀ ਔਰਤ ਨੂੰ ਤੰਗ ਕਰਦਾ ਸੀ। ਮਾਸਾਹਾਰੀ ਭੋਜਨ ਨੂੰ ਲੈ ਕੇ ਵੀ ਦੋਨਾਂ ਵਿਚਾਲੇ ਝਗੜਾ ਹੁੰਦਾ ਸੀ।

ਲੜਕੀ ਦੇ ਚਾਚੇ ਦੀ ਸ਼ਿਕਾਇਤ ’ਤੇ ਪੁਲਿਸ ਨੇ 26 ਨਵੰਬਰ ਨੂੰ ਬੁਆਏਫ੍ਰੈਂਡ ਆਦਿਤਿਆ ਪੰਡਿਤ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਔਰਤ ਦੀ ਪਹਿਚਾਣ ਸ੍ਰਿਸ਼ਟੀ ਤੁਲੀ ਵਜੋਂ ਹੋਈ ਹੈ। ਉਹ ਏਅਰ ਇੰਡੀਆ ਵਿੱਚ ਪਾਇਲਟ ਸੀ। 25 ਨਵੰਬਰ ਨੂੰ ਸ੍ਰਿਸ਼ਟੀ ਦੀ ਲਾਸ਼ ਮੁੰਬਈ ਦੇ ਇੱਕ ਫਲੈਟ ਵਿੱਚੋਂ ਮਿਲੀ ਸੀ। ਉਸ ਨੇ ਡਾਟਾ ਕੇਬਲ ਨਾਲ ਫਾਹਾ ਲੈ ਲਿਆ ਸੀ।

ਸ੍ਰਿਸ਼ਟੀ ਦੇ ਚਾਚਾ ਵਿਵੇਕ ਕੁਮਾਰ ਤੁਲੀ ਦੀ ਸ਼ਿਕਾਇਤ ’ਤੇ ਪਵਈ ਪੁਲਿਸ ਸਟੇਸ਼ਨ ‘ਚ ਦਰਜ ਕਰਵਾਈ ਗਈ ਐੱਫਆਈਆਰ ’ਚ ਕਈ ਗੱਲਾਂ ਸਾਹਮਣੇ ਆਈਆਂ ਹਨ। ਆਦਿਤਿਆ ਅਕਸਰ ਆਪਣੀ ਪ੍ਰੇਮਿਕਾ ਨਾਲ ਦੁਰਵਿਵਹਾਰ ਕਰਦਾ ਸੀ। ਪਿਛਲੇ ਸਾਲ ਨਵੰਬਰ ’ਚ ਆਦਿਤਿਆ ਸ੍ਰਿਸ਼ਟੀ ਅਤੇ ਉਸਦੀ ਭੈਣ ਰਾਸ਼ੀ ਨੂੰ ਚਾਚੇ ਦੀ ਕਾਰ ’ਤੇ ਦਿੱਲੀ ‘ਚ ਸ਼ਾਪਿੰਗ ਲਈ ਲੈ ਗਿਆ ਸੀ।

ਇਸ ਗੱਲ ਨੂੰ ਲੈ ਕੇ ਬਾਜ਼ਾਰ ’ਚ ਦੋਨਾਂ ਵਿਚਾਲੇ ਬਹਿਸ ਹੋ ਗਈ। ਆਦਿਤਿਆ ਨੇ ਰਾਸ਼ੀ ਦੇ ਸਾਹਮਣੇ ਸ੍ਰਿਸ਼ਟੀ ਨੂੰ ਗਾਲ੍ਹਾਂ ਕੱਢੀਆਂ। ਗੁੱਸੇ ’ਚ ਕਾਰ ਨੇ ਦੂਜੇ ਵਾਹਨ ਨੂੰ ਵੀ ਟੱਕਰ ਮਾਰ ਦਿੱਤੀ। ਵਿਵੇਕ ਕੁਮਾਰ ਨੇ ਦੱਸਿਆ ਕਿ ਉਸ ਦੀ ਕਾਰ ਨੁਕਸਾਨੀ ਗਈ ਸੀ, ਪਰ ਆਦਿਤਿਆ ਨੂੰ ਬਿਲਕੁਲ ਵੀ ਪਛਤਾਵਾ ਨਹੀਂ ਸੀ।

# ਐੱਨ.ਆਈ.ਏ. ਦੀ ਮਨੁੱਖੀ ਤਸਕਰੀ ਦੇ ਇੱਕ ਵੱਡੇ ਮਾਮਲੇ ਵਿੱਚ ਛੇ ਰਾਜਾਂ ਵਿੱਚ ਛਾਪੇਮਾਰੀ

ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਕੌਮੀ ਜਾਂਚ ਏਜੰਸੀ (ਐੱਨਆਈਏ) ਨੇ ਮਨੁੱਖੀ ਤਸਕਰੀ ਦੇ ਇੱਕ ਵੱਡੇ ਮਾਮਲੇ ਵਿੱਚ ਛੇ ਰਾਜਾਂ ਵਿੱਚ ਛਾਪੇਮਾਰੀ ਕੀਤੀ ਹੈ। ਇਹ ਛਾਪੇਮਾਰੀ 22 ਵੱਖ-ਵੱਖ ਥਾਂਵਾਂ ’ਤੇ ਕੀਤੀ ਗਈ ਸੀ, ਜਿੱਥੇ ਐੱਨ.ਆਈ.ਏ. ਨੇ ਸ਼ੱਕੀਆਂ ਖਿਲਾਫ ਕਾਰਵਾਈ ਕੀਤੀ।

ਐੱਨ.ਆਈ.ਏ. ਦੀ ਟੀਮ ਨੇ ਛਾਪੇਮਾਰੀ ਦੌਰਾਨ ਮਨੁੱਖੀ ਤਸਕਰੀ ਨਾਲ ਜੁੜੇ ਕਈ ਮਾਮਲਿਆਂ ਦੀ ਜਾਂਚ ਕੀਤੀ। ਇਹ ਛਾਪੇ ਮਹਾਰਾਸ਼ਟਰ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਪੱਛਮੀ ਬੰਗਾਲ, ਬਿਹਾਰ ਅਤੇ ਰਾਜਸਥਾਨ ਵਰਗੇ ਰਾਜਾਂ ਵਿੱਚ ਮਾਰੇ ਗਏ। ਇਸ ਕਾਰਵਾਈ ਦੌਰਾਨ ਕਈ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਅਤੇ ਕੁਝ ਜ਼ਰੂਰੀ ਦਸਤਾਵੇਜ਼ ਵੀ ਬਰਾਮਦ ਕੀਤੇ ਗਏ। ਸੂਤਰਾਂ ਅਨੁਸਾਰ ਇਹ ਛਾਪੇਮਾਰੀ ਮਨੁੱਖੀ ਤਸਕਰੀ ਦੇ ਇੱਕ ਵੱਡੇ ਰੈਕੇਟ ਦਾ ਪਰਦਾਫਾਸ਼ ਕਰਨ ਲਈ ਕੀਤੀ ਗਈ ਸੀ ਜੋ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਔਰਤਾਂ ਅਤੇ ਬੱਚਿਆਂ ਦੀ ਤਸਕਰੀ ਅਤੇ ਵੇਚਣ ਵਿੱਚ ਸ਼ਾਮਿਲ ਸੀ। ਇਸ ਨੈੱਟਵਰਕ ਨਾਲ ਜੁੜੇ ਸਾਰੇ ਲਿੰਕਾਂ ਦੀ ਜਾਂਚ ਕਰ ਰਹੀ ਹੈ ਅਤੇ ਦੋਸ਼ੀ ਲੋਕਾਂ ਨੂੰ ਫੜ੍ਹ ਰਹੀ ਹੈ।

ਐੱਨ.ਆਈ.ਏ. ਨੇ ਇਸ ਆਪਰੇਸ਼ਨ ਨੂੰ ਰਾਸ਼ਟਰੀ ਸੁਰੱਖਿਆ ਦੇ ਨਜ਼ਰੀਏ ਤੋਂ ਬਹੁਤ ਮਹੱਤਵਪੂਰਨ ਮੰਨਿਆ ਹੈ। ਏਜੰਸੀ ਦਾ ਉਦੇਸ਼ ਇਸ ਤਸਕਰੀ ਰੈਕੇਟ ਨੂੰ ਖਤਮ ਕਰਨਾ ਅਤੇ ਮਨੁੱਖੀ ਤਸਕਰੀ ਤੋਂ ਪ੍ਰਭਾਵਿਤ ਲੋਕਾਂ ਨੂੰ ਨਿਆਂ ਪ੍ਰਦਾਨ ਕਰਨਾ ਹੈ। ਅਧਿਕਾਰੀਆਂ ਨੇ ਕਿਹਾ ਕਿ ਇਹ ਕਾਰਵਾਈ ਮਨੁੱਖੀ ਤਸਕਰੀ ਵਿਰੁੱਧ ਚੱਲ ਰਹੀ ਦੇਸ਼ ਵਿਆਪੀ ਕਾਰਵਾਈ ਦਾ ਹਿੱਸਾ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿੱਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**




# ਸੈਲ ਐਂਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਅੰਮ੍ਰਿਤਸਰ ਦੇ 450 ਸਾਲਾ ਸਥਾਪਨਾ ਦਿਵਸ ਨੂੰ ਲੈ ਕੇ ਪਹਿਲੀ ਮੀਟਿੰਗ

## ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਵੱਖ ਵੱਖ ਸੰਸਥਾਵਾਂ ਨਾਲ ਕੀਤੀ ਵਿਚਾਰ-ਚਰਚਾ

ਅੰਮ੍ਰਿਤਸਰ, 28 ਨਵੰਬਰ(ਗਿਆਨ ਸਿੰਘ) ਅੰਮ੍ਰਿਤਸਰ ਦੇ 450 ਸਾਲਾ ਸਥਾਪਨਾ ਦਿਵਸ ਜੋ ਕਿ ਸਾਲ 2027 ਨੂੰ ਆ ਰਿਹਾ ਹੈ, ਨੂੰ ਵਧੀਆ ਢੰਗ ਨਾਲ ਮਨਾਉਣ ਸਬੰਧੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਅੰਮ੍ਰਿਤਸਰ ਦੀਆਂ ਧਾਰਮਿਕ, ਸਮਾਜਿਕ ਅਤੇ ਹੋਰ ਸੰਸਥਾਵਾਂ ਨਾਲ ਵਿਚਾਰ ਚਰਚਾ ਕੀਤੀ ਅਤੇ ਉਨ੍ਹਾਂ ਦੀ ਸਲਾਹ ਲਈ ਕਿ ਇਸ ਨੂੰ ਵਧੀਆ ਢੰਗ ਨਾਲ ਕਿਸ ਤਰ੍ਹਾਂ ਮਨਾਇਆ ਜਾ ਸਕਦਾ ਹੈ।



ਇਸ ਮੀਟਿੰਗ ਵਿੱਚ ਵੱਖ ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਮਾਨਯੋਗ ਸਪੀਕਰ ਦੇ ਧਿਆਨ ਵਿੱਚ ਲਿਆਂਦਾ ਕਿ ਕੇਵਲ ਦੋ ਸਾਲ ਦਾ ਹੀ ਸਮਾਂ ਸਾਡੇ ਕੋਲ ਹੈ ਅਤੇ 450 ਸਾਲਾ ਨੂੰ ਮਨਾਉਣ ਲਈ ਜੰਗੀ ਪੱਧਰ ਤੇ ਤਿਆਰੀਆਂ ਕੀਤੀਆਂ ਜਾਣੀਆਂ ਹਨ। ਉਨ੍ਹਾਂ ਕਿਹਾ ਕਿ ਸਭ ਤੋਂ ਵੱਡੀ ਸਮੱਸਿਆ ਇਸ ਸਮੇਂ ਸਾਫ ਸਫਾਈ, ਬਿਜਲੀ ਦੀਆਂ ਲਟਕਦੀਅ ਤਾਰਾਂ ਅਤੇ ਟ੍ਰੈਫਿਕ ਵਿਵਸਥਾ ਨੂੰ ਦਰੁਸਤ ਕਰਨਾ ਹੈ। ਇਸ ਵਿਚਾਰ ਚਰਚਾ ਨੂੰ ਅੱਗੇ ਤੋਰਦੇ ਹੋਏ 'ਸ੍ਰ ਜਸਵਿੰਦਰ ਸਿੰਘ ਐਡਵੋਕੇਟ' ਨੇ ਦੱਸਿਆ ਕਿ ਬਾਹਰੋਂ ਆਉਣ ਵਾਲੇ ਯਾਤਰੂਆਂ ਨੂੰ ਰਸਤਿਆਂ ਦੀ ਸਹੀ ਜਾਣਕਾਰੀ ਨਹੀਂ ਮਿਲਦੀ, ਇਸ ਲਈ ਅੰਮ੍ਰਿਤਸਰ ਦੇ ਮੇਨਗੇਟ ਤੋਂ ਲੈ ਕੇ ਸ੍ਰੀ ਦਰਬਾਰ ਸਾਹਿਬ ਤੱਕ ਸਾਇਨ ਬੋਰਡ ਲਗਾਏ ਜਾਣ। ਉਨ੍ਹਾਂ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਦੇ ਚਾਰੇ ਪਾਸੇ ਰਿਹਾਇਸ਼ਾਂ ਅਤੇ ਕਮਰੀਸ਼ੀਅਲ ਅਦਾਰਿਆਂ ਨੂੰ ਜਾਗਰੂਕ ਕੀਤਾ ਜਾਵੇ ਕਿ ਉਹ ਆਪਣੀਆਂ ਛੱਤਾਂ ਤੇ ਬੂਟੇ ਲਗਾਉਣ ਤਾਂ ਜੋ ਪ੍ਰਦੂਸ਼ਿਤ ਵਾਤਾਵਰਣ ਨੂੰ ਠੀਕ ਕੀਤਾ ਜਾ ਸਕੇ ਅਤੇ ਆਉਣ ਵਾਲੇ ਯਾਤਰੂਆਂ ਨੂੰ ਵਧੀਆ ਪ੍ਰਭਾਵ ਪਵੇ। ਇਸ ਮੌਕੇ ਕਈ ਹੋਰ ਸੰਸਥਾਵਾਂ ਦੇ ਮੈਂਬਰਾਂ ਨੇ ਮਾਨਯੋਗ ਸਪੀਕਰ ਸਾਹਿਬ ਦੇ ਧਿਆਨ ਵਿੱਚ ਲਿਆਉਂਦਿਆਂ ਕਿਹਾ ਕਿ ਹਾਲਗੇਟ ਤੋਂ ਲੈ ਕੇ ਜਲਿਆਂਵਾਲਾ ਬਾਗ ਤੱਕ ਵੱਡੀ ਗਿਣਤੀ ਵਿੱਚ ਭਿਖਾਰੀ ਹਨ ਜਿੰਨਾਂ ਨੂੰ ਇਥੋ ਹਟਾਇਆ ਜਾਣਾ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਹੋਰ ਸਭ ਤੋਂ ਵੱਡੀ ਸਮੱਸਿਆ ਨਜ਼ਾਇਜ ਕਬਜੇ ਅਤੇ ਅਵਾਰਾ ਕੁੱਤਿਆਂ ਦੀ ਹੈ।

ਵਿਚਾਰ ਚਰਚਾ ਉਪਰੰਤ ਸਨੇ ਕਿਹਾ ਕਿ ਸਰਕਾਰ 450 ਸਾਲਾ ਮਨਾਉਣ ਲਈ ਹਰੇਕ ਸੰਭਵ ਕਦਮ ਚੁੱਕੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਹਰੇਕ ਦੋ ਮਹੀਨਿਆਂ ਬਾਅਦ ਮੀਟਿੰਗ ਕੀਤੀ ਜਾਵੇਗੀ। ਸੰਧਵਾਂ ਨੇ ਸਮੂਹ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ 450 ਸਾਲਾ ਮਨਾਉਣ ਲਈ ਆਪੋ ਆਪਣੇ ਸੁਝਾਓ ਅਤੇ ਯੋਜਨਾ ਤਿਆਰ ਕਰਕੇ ਦੇਣ ਤਾਂ ਜੋ ਉਸ ਅਨੁਸਾਰ ਕਾਰਵਾਈ ਆਰੰਭੀ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਇਸ ਸਮਾਗਮ ਨੂੰ ਸੁਚੱਜੇ ਢੰਗ ਨਾਲ ਮਨਾਉਣ ਲਈ ਵਚਨਬੱਧ ਹੈ ਅਤੇ ਇਸ ਕਾਰਜ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

ਸੰਧਵਾਂ ਨੇ ਸਮੂਹ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਪਵਿੱਤਰ ਕਾਰਜ ਲਈ ਵੱਧ ਚੜ੍ਹ ਕੇ ਸਰਕਾਰ ਦਾ ਸਹਿਯੋਗ ਕਰਨ। ਸੰਧਵਾ ਨੇ ਸਮੂਹ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸ਼ਹਿਰ ਦੀ ਸਾਫ ਸਫਾਈ ਵਿਵਸਥਾ ਨੂੰ ਲੈ ਕੇ ਸਖਤ ਕਦਮ ਚੁੱਕੇ ਜਾਣ ਅਤੇ ਸ਼ਹਿਰ ਦੀ ਟ੍ਰੈਫਿਕ ਵਿਵਸਥਾ ਨੂੰ ਤੁਰੰਤ ਦਰੁਸਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਮਾਗਮ ਨੂੰ ਮਨਾਉਣ ਲਈ ਹੁਣ ਤੋਂ ਹੀ ਬਿਜਲੀ ਦੀਆਂ ਲਟਕਦੀਆਂ ਤਾਰਾਂ, ਰਸਤੇ ਵਿੱਚ ਆਉਂਦੇ ਖੰਭੇ, ਸਾਫ ਸਫਾਈ ਦੀ ਸ਼ੁਰੂਆਤ ਹੋ ਜਾਣੀ ਚਾਹੀਦੀ ਹੈ।

ਇਸ ਮੀਟਿੰਗ ਵਿੱਚ ਵਿਧਾਇਕ ਡਾ:ਅਜੈ ਗੁਪਤਾ, ਵਿਧਾਇਕ ਡਾ: ਇੰਦਰਬੀਰ ਸਿੰਘ ਨਿੱਝਰ, ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ, ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ, ਕਮਿਸ਼ਨਰ ਨਗਰ ਗੁਲਪ੍ਰੀਤ ਸਿੰਘ ਔਲਖ, ਵਧੀਕ ਡਿਪਟੀ ਕਮਿਸ਼ਨਰ ਅਮਿਤ ਸਰੀਨ, ਚੇਅਰਮੈਨ ਪ੍ਰਦੂਸ਼ਣ ਕੰਟਰੋਲ ਬੋਰਡ ਡਾ ਆਦਰਸ਼ ਪਾਲ ਵਿਗ, ਚੇਅਰਮੈਨ ਜਿਲ੍ਹਾ ਯੋਜਨਾ ਜਸਪ੍ਰੀਤ ਸਿੰਘ, ਡਾ.ਅਮਰਬੀਰ ਸਿੰਘ ਤੋਂ ਇਲਾਵਾ ਵੱਖ ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਮੁਖੀ ਵੀ ਹਾਜਰ ਸਨ।

# ਫੌਜ ਵਲੋਂ ਅਜਨਾਲਾ ਰੋਡ ਨੂੰ ਚੌੜਾ ਕਰਨ ਦੇ ਮਿਲੇ ਭਰੋਸੇ ਨਾਲ ਫੌਜ, ਸਰਹੱਦੀ ਕਿਸਾਨਾਂ ਤੇ ਆਮ ਲੋਕਾਂ ਨੂੰ ਮਿਲੇਗੀ ਵੱਡੀ ਰਾਹਤ : ਧਾਲੀਵਾਲ

ਚੰਡੀਗੜ੍ਹ, 28 ਨਵੰਬਰ (ਪੋਸਟ ਬਿਊਰੋ): ਪ੍ਰਵਾਸੀ ਭਾਰਤੀ ਮਾਮਲੇ ਅਤੇ ਪ੍ਰਬੰਧਕੀ ਸੁਧਾਰ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਜਲੰਧਰ ਵਿਖੇ ਫੌਜ ਦੇ ਉਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ, ਜਿਸ ਦੌਰਾਨ ਅਧਿਕਾਰੀਆਂ ਵਲੋਂ ਅਜਨਾਲਾ ਸੜਕ ਨੂੰ 5.5 ਮੀਟਰ ਦੀ ਚੌੜਾਈ ਤੋਂ ਵਧਾ ਕੇ 7 ਮੀਟਰ ਕਰਨ ਦਾ ਭਰੋਸਾ ਦਿੱਤਾ ਗਿਆ। 11 ਕਾਰਪਸ ਹੈਡਕੁਆਰਟਰ ਜਲੰਧਰ ਕੈਂਟ ਵਿਖੇ ਹੋਈ ਮੀਟਿੰਗ ਸਬੰਧੀ ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਹੱਦੀ ਹਲਕੇ ਦੇ ਲੋਕਾਂ ਦੀ ਇਸ ਨਾਲ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਹੁਣ ਪੂਰੀ ਹੋ ਜਾਵੇਗੀ ਅਤੇ ਇਸ ਨਾਲ ਇਲਾਕੇ ਵਿੱਚ ਅਵਾਜਾਈ ਦੀ ਸਮੱਸਿਆ ਦਾ ਪੱਕਾ ਹੱਲ ਹੋਵੇਗਾ।

ਧਾਲੀਵਾਲ ਨੇ ਦੱਸਿਆ ਕਿ 72 ਕਿਲੋਮੀਟਰ ਲੰਬੀ ਇਹ ਸੜਕ ਫੌਜ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਹੈ। ਉਨ੍ਹਾਂ ਦੱਸਿਆ ਕਿ ਗੰਨੇ ਦੇ ਸੀਜ਼ਨ ਦੌਰਾਨ ਭਰੀਆਂ ਟਰਾਲੀਆਂ ਲੰਘਣ ਕਰਕੇ ਵੱਡੇ ਸੜਕੀ ਜਾਮ ਲੱਗੇ ਸਨ ਅਤੇ ਉਨ੍ਹਾਂ ਵਲੋਂ ਇਸ ਸਮੱਸਿਆ ਨੂੰ ਰੱਖਿਆ ਮੰਤਰਾਲੇ ਪਾਸ ਉਠਾਇਆ ਗਿਆ ਸੀ, ਜਿਸ ਦੇ ਸਿੱਟੇ ਵਜੋਂ ਅੱਜ ਲੈਫ. ਜਨਰਲ ਅਜੈ ਚਾਂਦਪੁਰੀਆ ਅਤੇ ਉਸ ਦੀ ਟੀਮ ਨਾਲ ਮੀਟਿੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਫੌਜ ਦੇ ਉਚ ਅਧਿਕਾਰੀਆਂ ਵਲੋਂ ਮੌਕੇ 'ਤੇ ਇਸ ਦਾ ਜਾਇਜ਼ਾ ਲੈਕੇ ਸੜਕ ਨੂੰ ਚੌੜਾ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਅਗਲੇ ਸਾਲ ਮੁਕੰਮਲ ਕਰਨ ਲਈ ਵੀ ਕਿਹਾ ਗਿਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਨੇ ਅਵਾਜਾਈ ਨੂੰ ਨਿਰਵਿਘਨ ਢੰਗ ਨਾਲ ਜਾਰੀ ਰੱਖਣ ਲਈ ਗੰਨੇ ਦੀ ਬੈਲਟ ਵਾਲੀਆਂ ਸੜਕਾਂ ਨੂੰ 10 ਮੀਟਰ ਤੱਕ ਚੌੜਾ ਕਰਨ ਦੀ ਵੀ ਅਪੀਲ ਕੀਤੀ, ਜਿਸ 'ਤੇ ਫੌਜ ਦੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਉਹ ਜਲਦੀ ਹੀ ਅਜਿਹੀਆਂ ਸੜਕਾਂ ਦਾ ਮੁਆਇਨਾ ਕਰਵਾਉਣਗੇ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਜਿਥੇ ਇਲਾਕੇ ਨਾਲ ਸੰਪਰਕ ਵਿੱਚ ਹੋਰ ਸੁਧਾਰ ਹੋਵੇਗਾ, ਉਥੇ ਹੀ ਫੌਜ, ਕਿਸਾਨਾਂ ਅਤੇ ਆਮ ਲੋਕਾਂ ਲਈ ਵੱਡੀ ਰਾਹਤ ਵੀ ਪ੍ਰਦਾਨ ਹੋਵੇਗੀ ।



ਧਾਲੀਵਾਲ ਨੇ ਕਿਹਾ ਕਿ ਸੜਕ ਨੂੰ ਚੌੜਾ ਕਰਨ ਦਾ ਭਰੋਸਾ ਸਰਹੱਦੀ ਇਲਾਕੇ ਦੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗਾ, ਜੋ ਕਿ ਪੰਜਾਬ ਸਰਕਾਰ ਦੀ ਬਾਰਡਰ ਏਰੀਏ ਦੇ ਲੋਕਾਂ ਦੀ ਭਲਾਈ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਫੌਜ ਦੇ ਉਚ ਅਧਿਕਾਰੀਆਂ ਵਲੋਂ ਅਜਨਾਲਾ ਬਾਈਪਾਸ ਬਣਾਉਣ ਦੀ ਸੰਭਾਵਨਾ ਵੀ ਦੱਸੀ ਗਈ ਹੈ। ਕੈਬਨਿਟ ਮੰਤਰੀ ਨੇ ਰੱਖਿਆ ਮੰਤਰਾਲੇ ਦੇ ਇਸ ਉਸਾਰੂ ਉਪਰਾਲੇ ਲਈ ਧੰਨਵਾਦ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਇਹ ਸੜਕ ਅਜਨਾਲਾ-ਲੋਪੋਕੇ, ਸੋਹਲ ਵਾਇਆ ਤਲਵੰਡੀ ਰਾਏਦਾਦੂ, ਪੂੰਗਾ, ਭਿੰਡੀ ਸੈਦਾਂ ਤੋਂ ਹੁੰਦੀ ਹੋਈ ਲੰਘਦੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਗੰਨਾ ਅਤੇ ਕਣਕ-ਝੋਨਾ ਮੰਡੀਆਂ ਵਿੱਚ ਲਿਜਾਣ ਦੌਰਾਨ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਟ੍ਰੈਫਿਕ ਵਿਵਸਥਾ ਵੀ ਸੁਚਾਰੂ ਢੰਗ ਨਾਲ ਜਾਰੀ ਰਹੇਗੀ।

# ਏ.ਐਸ.ਆਈ. ਦੀ ਤਰਫ਼ੋਂ 10,000 ਰੁਪਏ ਰਿਸ਼ਵਤ ਲੈਂਦਾ ਆਮ ਵਿਅਕਤੀ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

## ਮੁਲਜ਼ਮ ਏ.ਐਸ.ਆਈ. ਗ੍ਰਿਫ਼ਤਾਰੀ ਤੋਂ ਬਚਦਾ ਹੋਇਆ ਫਰਾਰ

ਚੰਡੀਗੜ੍ਹ, 28 ਨਵੰਬਰ, 2024 : ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਅੱਜ ਇੱਕ ਵਿਅਕਤੀ ਮਦਨ ਲਾਲ ਸ਼ਰਮਾ ਵਾਸੀ ਪਿੰਡ ਬਘੌਰਾ, ਜ਼ਿਲ੍ਹਾ ਪਟਿਆਲਾ ਨੂੰ ਇੱਕ ਪੁਲਿਸ ਮੁਲਾਜ਼ਮ ਲਈ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਟਿਆਲਾ ਜ਼ਿਲ੍ਹੇ ਦੇ ਪਿੰਡ ਬਲਹੇੜੀ ਨਿਵਾਸੀ ਦਿਲਬਾਗ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।



ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਉਸ ਦਾ ਪਿੰਡ ਦੇ ਹੀ ਗੁਰਦੁਆਰਾ ਸਾਹਿਬ ਵਿੱਚ ਗ੍ਰੰਥੀ ਗੁਰਨਾਇਬ ਸਿੰਘ ਨਾਲ ਜ਼ੁਬਾਨੀ ਝਗੜਾ ਹੋਇਆ ਸੀ ਅਤੇ ਗ੍ਰੰਥੀ ਨੇ ਉਸ ਵਿਰੁੱਧ ਥਾਣਾ ਘਨੌਰ ਵਿਖੇ ਸ਼ਿਕਾਇਤ ਦਰਜ ਕਰਵਾਈ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਥਾਣੇ 'ਚ ਤਾਇਨਾਤ ਏ.ਐਸ.ਆਈ. ਸਵਰਨ ਸਿੰਘ ਕੇਸ ਵਿੱਚ ਉਸਦਾ ਪੱਖ ਲੈਣ ਲਈ ਉਸ ਨੂੰ 10,000 ਰੁਪਏ ਰਿਸ਼ਵਤ ਦੇਣ ਲਈ ਦਬਅ ਪਾ ਰਿਹਾ ਹੈ ਅਤੇ ਉਸ ਨੂੰ ਕਹਿ ਰਿਹਾ ਹੈ ਕਿ ਜੇ ਉਸਨੇ ਰਿਸ਼ਵਤ ਨਾ ਦਿੱਤੀ ਤਾਂ ਉਸ ਖਿਲਾਫ਼ ਉਹ ਕੇਸ ਦਰਜ ਕਰ ਦੇਵੇਗਾ। ਸ਼ਿਕਾਇਤ ਦੇ ਅਨੁਸਾਰ ਮੁਲਜ਼ਮ ਏ.ਐਸ.ਆਈ. ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੀ ਇਹ ਰਕਮ ਆਪਣੇ ਜਾਣਕਾਰ ਮਦਨ ਲਾਲ ਨੂੰ ਦੇਣ ਲਈ ਕਿਹਾ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਦੋਸ਼ੀ ਮਦਨ ਲਾਲ ਨੂੰ ਏ.ਐਸ.ਆਈ. ਸਵਰਨ ਸਿੰਘ ਖਾਤਰ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰੰਗੇ ਹੱਥੀਂ ਕਾਬੂ ਕਰ ਲਿਆ। ਦੱਸਣਯੋਗ ਹੈ ਕਿ ਉਕਤ ਮੁਲਜ਼ਮ ਏ.ਐਸ.ਆਈ. ਸਵਰਨ ਸਿੰਘ ਆਪਣੀ ਗ੍ਰਿਫ਼ਤਾਰ ਤੋਂ ਬਚਦਾ ਹੋਇਆ ਫਰਾਰ ਹੋ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਕਤ ਦੋਵਾਂ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

# ਪੰਜਾਬ ਪੈਵਿਲੀਅਨ ਨੇ ਵਪਾਰ ਮੇਲਾ 2024 ਵਿੱਚ ਜਿੱਤੇ ਵਿਸ਼ੇ ਦੀ ਉੱਤਮ ਪੇਸ਼ਕਾਰੀ ਅਤੇ ਉੱਤਮ ਪ੍ਰਦਰਸ਼ਨ ਲਈ ਵਿਸ਼ੇਸ਼ ਪ੍ਰਸੰਸਾ ਮੈਡਲ



ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਇਥੋਂ ਦੇ ਪ੍ਰਗਤੀ ਮੈਦਾਨ ਵਿਖੇ ਹੋਏ ਭਾਰਤ ਅੰਤਰ ਰਾਸ਼ਟਰੀ ਵਪਾਰ ਮੇਲਾ 2024 ਦੌਰਾਨ ਲੋਕਾਂ ਦਾ ਭਰਵਾਂ ਹੁੰਗਾਰਾ ਹਾਸਿਲ ਕਰਨ ਵਾਲੇ 'ਪੰਜਾਬ ਪੈਵਿਲੀਅਨ' ਨੇ ਵਿਸ਼ੇ ਦੀ ਉੱਤਮ ਪੇਸ਼ਕਾਰੀ ਅਤੇ ਉੱਤਮ ਪ੍ਰਦਰਸ਼ਨ ਲਈ ਵੱਖੋ-ਵੱਖ ਵਿਸ਼ੇਸ਼ ਪ੍ਰਸੰਸਾ ਮੈਡਲ ਪ੍ਰਾਪਤ ਕੀਤੇ ਹਨ।

ਮੇਲੇ ਦਾ ਆਯੋਜਨ ਕਰਨ ਵਾਲੀ ਭਾਰਤ ਵਪਾਰ ਪ੍ਰੋਤਸਾਹਨ ਸੰਸਥਾ (ਆਈ.ਟੀ.ਪੀ.ਓ) ਪਾਸੋਂ ਮੇਲੇ ਦੇ ਆਖਰੀ ਦਿਨ ਦੇਰ ਸ਼ਾਮ ਕਰਵਾਏ ਗਏ ਸਮਾਗਮ ਦੌਰਾਨ ਇਹ ਦੋਵੇਂ ਮੈਡਲ ਪੀ.ਐਸ.ਆਈ.ਈ.ਸੀ ਦੇ ਅਧਿਕਾਰੀਆਂ ਵੱਲੋਂ ਪ੍ਰਾਪਤ ਕੀਤੇ ਗਏ। ਇਸ ਸਾਲ ਵਪਾਰ ਮੇਲੇ ਦਾ ਥੀਮ ਵਿਕਸਿਤ ਭਾਰਤ @2047 ਰੱਖਿਆ ਗਿਆ ਸੀ।

ਜ਼ਿਕਰਯੋਗ ਹੈ ਕਿ ਉਕਤ ਸੰਸਥਾ ਵੱਲੋਂ ਇਹ ਮੇਲਾ 14 ਨਵੰਬਰ ਤੋਂ 27 ਨਵੰਬਰ ਤੱਕ ਕਰਵਾਇਆ ਗਿਆ ਜਿਸ ਵਿਚ ਵੱਖ-ਵੱਖ ਰਾਜਾਂ ਵੱਲੋਂ ਆਪਣੇ ਵਿਕਾਸ ਅਤੇ ਉਤਪਾਦਾਂ ਨੂੰ ਦਰਸਾਉਣ ਲਈ ਪੈਵਿਲੀਅਨ ਸਥਾਪਿਤ ਕੀਤੇ ਗਏ ਸਨ। ਪੰਜਾਬ ਪੈਵਿਲੀਅਨ ਦੇ ਪ੍ਰਸ਼ਾਸਕ ਦਵਿੰਦਰਪਾਲ ਸਿੰਘ ਅਤੇ ਉੱਪ ਪ੍ਰਸ਼ਾਸਕ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਪੈਵਿਲੀਅਨ ਨੂੰ ਵੱਖ-ਵੱਖ ਵਰਗਾਂ ਚ ਦੋ ਮੈਡਲ ਮਿਲਣੇ ਸੂਬੇ ਲਈ ਬਹੁਤ ਮਾਣ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਮੇਲੇ ਦੌਰਾਨ ਕੇਵਾਲ ਪੰਜਾਬ ਤੋਂ ਆਉਣ ਵਾਲੇ ਲੋਕਾਂ ਨੇ ਹੀ ਨਹੀ ਬਲਕਿ ਭਾਰਤ ਦੇ ਹੋਰਨਾਂ ਸੂਬਿਆਂ ਤੋਂ ਆਏ ਲੋਕਾਂ ਨੇ ਪੈਵਿਲੀਅਨ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਸਥਾਪਿਤ ਕੀਤੇ ਸਟਾਲਾਂ ਵਿੱਚ ਬਹੁਤ ਦਿਲਚਸਪੀ ਦਿਖਾਈ।

ਪੰਜਾਬ ਦੇ ਉੱਦਯੋਗ ਅਤੇ ਵਣਜ ਮੰਤਰੀ, ਤਰੁਨਪ੍ਰੀਤ ਸਿੰਘ ਸੌਂਦ ਦੀ ਅਗਵਾਈ ਹੇਠ ਅਤੇ ਚੇਅਰਮੈਨ ਪੀ.ਐਸ.ਆਈ.ਸੀ. ਦਲਵੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਉਦਯੋਗ, ਖੇਤੀਬਾੜੀ, ਦਸਤਕਾਰੀ, ਫੈਸ਼ਨ ਅਤੇ ਸਿੱਖਿਆ ਦੇ ਖੇਤਰਾਂ ਵਿਚ ਸੂਬੇ ਦੀ ਤਰੱਕੀਪਸੰਦ ਪਹੁੰਚ ਨੂੰ ਪੈਵਿਲੀਅਨ ਜ਼ਰੀਏ ਦਰਸਾਉਣ ਲਈ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੁਆਰਾ ਵਧੀਕ ਮੁੱਖ ਸਕੱਤਰ, ਇੰਡਸਟਰੀਜ਼ ਅਤੇ ਕਾਮਰਸ, ਤੇਜਵੀਰ ਸਿੰਘ ਡੀ.ਪੀ.ਐਸ. ਖਰਬੰਦਾ ਸੀ.ਈ.ਓ ਨਿਵੇਸ਼ ਪੰਜਾਬ, ਵਰਿੰਦਰ ਕੁਮਾਰ ਸ਼ਰਮਾ ਐਮ.ਡੀ., ਹਰਜੀਤ ਸਿੰਘ ਸੰਧੂ ਏ.ਐਮ.ਡੀ ਅਤੇ ਐਗਜ਼ੀਕਊਟਿਵ ਡਾਇਰੈਕਟਰ ਭਾਈ ਸੁਖਦੀਪ ਸਿੰਘ ਸਿੱਧੂ ਦੀ ਅਗਵਾਈ ਹੇਠ ਪ੍ਰਤੀਬੱਧ ਯਤਨ ਕੀਤੇ ਗਏ ਸਨ।

ਪੰਜਾਬ ਪੈਵਿਲੀਅਨ ਚ ਵੱਖ-ਵੱਖ ਵਿਭਾਗਾਂ ਜਿਵੇਂ ਮਾਰਕਫੈਡ, ਮਿਲਕਫੈਡ, ਗਮਾਡਾ/ਪੁੱਡਾ, ਪੰਜਾਬ ਇੰਨਫੋਟੈਕ, ਪੰਜਾਬ ਐਗਰੋ, ਪੀ.ਐਸ.ਆਈ.ਈ.ਸੀ., ਨਿਵੇਸ਼ ਪੰਜਾਬ, ਪੰਜਾਬ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਨਿਫਟ, ਪੰਜਾਬ ਮੰਡੀ ਬੋਰਡ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਆਦਿ ਵੱਲੋਂ ਲੋਕਾਂ ਨੂੰ ਉਤਪਾਦਾਂ ਤੇ ਸੇਵਾਵਾਂ ਬਾਰੇ ਜਾਣੂੰ ਕਰਵਾਉਣ ਲਈ ਸਟਾਲ ਸਥਾਪਤ ਕੀਤੇ ਗਏ ਸਨ।















# ਪ੍ਰਦੂਸ਼ਣ ਮੌਸਮਾਂ ਨੂੰ ਨਿਗਲਣ ਲੱਗਾ

-ਵਿਜੈ ਗਰਗ -

ਜਿੱਥੇ ਅਸੀਂ ਝੀਲ ਦੀਆਂ ਡੂੰਘਾਈਆਂ ਵਿੱਚੋਂ ਝਾਤੀ ਮਾਰਦੇ ਸੀ/ਸੂਰਜ ਦੀ ਸੋਨੇ ਨਾਲ ਢੱਕੀ ਭਾਫ਼ ਦੀਆਂ ਛੱਲੀਆਂ, ਉੱਥੇ ਹੁਣ ਇੱਕ ਸੰਘਣੀ ਨੀਲੀ ਧੁੰਦ ਛਾਈ ਹੋਈ ਹੈ...' ਹੇਮੰਤ ਦਾ ਗੀਤ ਗਾਉਂਦੇ ਹੋਏ ਅਗੀਆ ਨੇ ਇੱਕ ਵਾਰ ਹੇਮੰਤ ਰੁੱਤ ਦਾ ਸੁਆਗਤ ਕੀਤਾ ਸੀ। ਇਹ ਲਾਈਨਾਂ, ਪਰ ਹੁਣ ਇਹ ਧੁੰਦ ਵਰਗੀ ਹੈ, ਇਸ ਸਮੇਂ ਸੁੰਦਰਤਾ ਸ਼ਾਇਦ ਹੀ ਦਿਖਾਈ ਦੇ ਰਹੀ ਹੈ. ਸਿਰਫ ਸੁੰਦਰਤਾ ਹੀ ਨਹੀਂ, ਹੁਣ ਅਸੀਂ ਪਤਝੜ ਦੇ ਮੌਸਮ ਨੂੰ ਵੀ ਮਹਿਸੂਸ ਨਹੀਂ ਕਰ ਸਕਦੇ! ਉਹ ਦਿਨ ਗਏ ਜਦੋਂ ਸਾਰੀਆਂ ਛੇ ਰੁੱਤਾਂ ਸਾਨੂੰ ਇੱਕ ਸੁਹਾਵਣਾ ਅਹਿਸਾਸ ਦਿੰਦੀਆਂ ਸਨ। ਬਸੰਤ, ਗਰਮੀ, ਬਰਸਾਤ, ਪਤਝੜ, ਪਤਝੜ ਅਤੇ ਸਰਦੀ ਦੇ ਮੌਸਮ ਵਿੱਚ ਲੋਕਾਂ ਵਿੱਚ ਇੱਕ ਵੱਖਰਾ ਹੀ ਆਨੰਦ ਅਤੇ ਉਤਸ਼ਾਹ ਦਿਖਾਈ ਦਿੰਦਾ ਹੈ।ਸੀ. ਪਰ ਹੁਣ ਸਰਦੀ, ਗਰਮੀ ਅਤੇ ਬਰਸਾਤ ਤਿੰਨ ਰੁੱਤਾਂ ਹਨ ਜੋ ਖਾਸ ਕਰਕੇ ਉੱਤਰੀ ਭਾਰਤ ਦੇ ਲੋਕਾਂ ਦੁਆਰਾ ਅਨੁਭਵ ਕੀਤੀਆਂ ਜਾਂਦੀਆਂ ਹਨ। ਮੌਸਮ ਖ਼ਤਮ ਹੋ ਰਹੇ ਹਨ ਕਿਉਂਕਿ ਗਲੋਬਲ ਵਾਰਮਿੰਗ ਅਤੇ ਪ੍ਰਦੂਸ਼ਣ ਨੇ ਸਾਡੇ ਵਾਤਾਵਰਣ ਨੂੰ ਲਗਭਗ ਬਿਮਾਰ ਕਰ ਦਿੱਤਾ ਹੈ। ਹੇਮੰਤ ਦੀ ਗੱਲ ਕਰੀਏ ਤਾਂ ਗਲੋਬਲ ਵਾਰਮਿੰਗ ਕਾਰਨ ਮਾਨਸੂਨ ਦਾ ਪਸਾਰ ਸ਼ੁਰੂ ਹੋ ਗਿਆ ਹੈ। ਮਾਨਸੂਨ ਆਮ ਤੌਰ 'ਤੇ ਸਤੰਬਰ ਦੇ ਪਹਿਲੇ ਮਹੀਨੇ ਤੱਕ ਖਤਮ ਹੋ ਜਾਂਦਾ ਹੈ, ਜਿਸ ਤੋਂ ਬਾਅਦ ਹਲਕੀ ਸਰਦੀ ਸ਼ੁਰੂ ਹੋ ਜਾਂਦੀ ਹੈ। ਪਰ ਇਸ ਸਾਲ ਮਾਨਸੂਨ ਦੀ ਬਾਰਿਸ਼ ਅਕਤੂਬਰ ਦੇ ਅੰਤ ਤੱਕ ਜਾਰੀ ਰਹੀ। ਇਸ ਤੋਂ ਬਾਅਦ ਅਚਾਨਕ ਤਾਪਮਾਨ ਡਿੱਗ ਗਿਆ ਅਤੇ ਅਜਿਹਾ ਲੱਗ ਰਿਹਾ ਸੀ ਜਿਵੇਂ ਹੇਮੰਤ ਰਿਤੂ ਡਿੱਗ ਗਿਆ ਹੋਵੇ।ਥੋੜਾ ਜਿਹਾ ਹੀ ਲਿਆ। ਵੈਸੇ ਤਾਂ ਇਨ੍ਹੀਂ ਦਿਨੀਂ ਤਾਪਮਾਨ 15-16 ਡਿਗਰੀ ਸੈਲਸੀਅਸ ਦੇ ਆਸ-ਪਾਸ ਰਿਹਾ ਪਰ ਪ੍ਰਦੂਸ਼ਣ ਕਾਰਨ ਠੰਢ ਮਹਿਸੂਸ ਨਹੀਂ ਹੋ ਸਕੀ। ਬਸੰਤ ਦਾ ਵੀ ਇਹੀ ਹਾਲ ਹੈ। ਪਿਛਲੇ ਤਿੰਨ-ਚਾਰ ਸਾਲਾਂ ਤੋਂ ਮਾਰਚ-ਅਪ੍ਰੈਲ ਤੋਂ ਹੀ ਗਰਮੀ ਦਾ ਜਾਲ (ਅੱਤ ਦੀ ਗਰਮੀ) ਸ਼ੁਰੂ ਹੋ ਜਾਂਦੀ ਹੈ। ਨਤੀਜੇ ਵਜੋਂ, ਬਸੰਤ ਦੀ ਹਵਾ ਨਹੀਂ ਵਗਦੀ ਅਤੇ ਅਸੀਂ ਗਰਮੀ ਦੀ ਗਰਮੀ ਨੂੰ ਸਹਿੰਦੇ ਹਾਂ। ਦਰਅਸਲ, ਇਹ ਅੰਦਾਜ਼ਾ ਲਗਾਇਆ ਗਿਆ ਸੀ ਕਿ ਮਨੁੱਖੀ ਗਤੀਵਿਧੀਆਂ ਕਾਰਨ ਸਾਲ 2030 ਤੱਕ ਵਿਸ਼ਵ ਦਾ ਤਾਪਮਾਨ 1.5 ਡਿਗਰੀ ਸੈਲਸੀਅਸ ਵਧ ਜਾਵੇਗਾ। ਪਰ ਇਸ ਸਮੇਂ ਜਦੋਂ ਤਾਪਮਾਨ 1.1 ਜਾਂ 1.2 ਡਿਗਰੀ ਸੈਲਸੀਅਸ ਤੱਕ ਹੈ, ਅਸੀਂ ਉਨ੍ਹਾਂ ਸਾਰੀਆਂ ਮੌਸਮ ਸੰਬੰਧੀ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਾਂ।ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਸ਼ੁਰੂ ਕਰ ਦਿੱਤਾ ਹੈ, ਜੋ ਤਾਪਮਾਨ 1.5 ਡਿਗਰੀ ਸੈਲਸੀਅਸ ਤੱਕ ਪਹੁੰਚਣ ਤੋਂ ਬਾਅਦ ਹੋਣ ਦੀ ਉਮੀਦ ਸੀ। ਹਾਲਾਂਕਿ, ਬਾਕੂ, ਅਜ਼ਰਬਾਈਜਾਨ ਵਿੱਚ ਚੱਲ ਰਹੀ ਸੀਓਪੀ -29 ਜਲਵਾਯੂ ਵਾਰਤਾ ਨੇ ਕਿਹਾ ਕਿ 2024 ਦੇ ਪਹਿਲੇ ਨੌਂ ਮਹੀਨਿਆਂ ਵਿੱਚ ਵਿਸ਼ਵ ਦਾ ਔਸਤ ਤਾਪਮਾਨ ਪੂਰਵ-ਉਦਯੋਗਿਕ ਔਸਤ ਨਾਲੋਂ 1.5 ਡਿਗਰੀ ਸੈਲਸੀਅਸ ਵੱਧ ਸੀ। ਇਸ ਦੇ ਕਾਰਨ, ਅਸੀਂ ਬਹੁਤ ਜ਼ਿਆਦਾ ਮੌਸਮੀ ਸਥਿਤੀਆਂ ਦੇਖਣ ਲੱਗ ਪਏ ਹਾਂ. ਸਮੱਸਿਆ ਇਹ ਹੈ ਕਿ ਜਦੋਂ ਅਜਿਹੀਆਂ ਰਿਪੋਰਟਾਂ ਆਉਂਦੀਆਂ ਹਨ ਤਾਂ ਅਸੀਂ ਚੌਕਸੀ ਦਿਖਾਉਂਦੇ ਹਾਂ, ਪਰ ਬਾਅਦ ਵਿੱਚ ਉਨ੍ਹਾਂ ਨੂੰ ਬੈਕ ਬਰਨਰ 'ਤੇ ਰੱਖ ਦਿੰਦੇ ਹਾਂ। ਸਾਲ 2017 'ਚ ਹੀ ਮਾਹੌਲ ਵਰਗਾਜਲਵਾਯੂ ਪਰਿਵਰਤਨ 'ਤੇ ਇਕ ਅੰਤਰ-ਸਰਕਾਰੀ ਪੈਨਲ () ਨੇ ਆਪਣੀ ਰਿਪੋਰਟ 'ਚ ਕਿਹਾ ਸੀ ਕਿ ਸਰਦੀਆਂ 'ਚ ਤਾਪਮਾਨ 'ਚ ਤੁਲਨ-ਾਤਮਕ ਵਾਧਾ ਦੇਖਣ ਨੂੰ ਮਿਲ ਰਿਹਾ ਹੈ, ਜਿਸ ਕਾਰਨ ਲੋਕਾਂ ਨੇ ਪਹਿਲਾਂ ਨਾਲੋਂ ਘੱਟ ਠੰਡ ਮਹਿਸੂਸ ਕਰਨੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਨੇ ਇਸ ਦਾ ਕਾਰਨ ਗਲੋਬਲ ਵਾਰਮਿੰਗ ਦਾ ਹਵਾਲਾ ਦਿੱਤਾ, ਜਿਸ ਵਿਚ ਪ੍ਰਦੂਸ਼ਣ ਦੀ ਵੱਡੀ ਭੂਮਿਕਾ ਹੈ। ਪਰ ਇਸ ਵੱਲ ਧਿਆਨ ਨਹੀਂ ਦਿੱਤਾ ਗਿਆ। ਅਸਲ ਵਿੱਚ, ਗੰਗਾ ਦੇ ਮੈਦਾਨੀ ਖੇਤਰਾਂ ਵਿੱਚ ਮੌਸਮ ਸਰਦੀਆਂ ਵਿੱਚ ਕਾਫ਼ੀ ਸਥਿਰ ਹੋ ਜਾਂਦਾ ਹੈ। ਇਹ ਸਥਿਤੀ ਪਾਕਿਸਤਾਨ, ਬੰਗਲਾਦੇਸ਼, ਨੇਪਾਲ, ਭੂਟਾਨ ਵਰਗੇ ਦੇਸ਼ਾਂ ਵਿੱਚ ਵੀ ਦੇਖਣ ਨੂੰ ਮਿਲਦੀ ਹੈ। ਇਸ ਖੜੋਤ ਵਾਲੇ ਮਾਹੌਲ ਵਿੱਚ ਅੰਦੋਲਨ ਉਦੋਂ ਹੀ ਹੁੰਦਾ ਹੈ ਜਦੋਂਵੈਸਟਰਨ ਡਿਸਟਰਬੈਂਸ ਵਰਗਾ ਮੌਸਮੀ ਵਰਤਾਰਾ ਹੈ। ਪਰ ਅਜਿਹਾ ਕਦੇ-ਕਦਾਈਂ ਹੀ ਹੁੰਦਾ ਹੈ, ਜਿਸ ਕਾਰਨ ਇੱਥੇ ਪ੍ਰਦੂਸ਼ਣ ਵੀ ਰੁਕ ਜਾਂਦਾ ਹੈ। ਜੇਕਰ ਦੇਖਿਆ ਜਾਵੇ ਤਾਂ ਭਾਰਤ ਦੇ ਉੱਤਰੀ ਹਿੱਸੇ ਵਿੱਚ ਪ੍ਰਦੂਸ਼ਣ 365 ਦਿਨਾਂ ਦੀ ਸਮੱਸਿਆ ਹੈ। ਗਰਮੀਆਂ ਵਿੱਚ, ਗਰਮ ਹੋਣ ਕਾਰਨ ਹਵਾ ਵੱਧ ਜਾਂਦੀ ਹੈ, ਜਿਸ ਨਾਲ ਪ੍ਰਦੂਸ਼ਕ ਫੈਲ ਜਾਂਦੇ ਹਨ ਅਤੇ ਹਵਾ ਦੀ ਗੁਣਵੱਤਾ ਖਰਾਬ ਨਹੀਂ ਹੁੰਦੀ ਹੈ। ਪਰ ਸਰਦੀਆਂ ਵਿੱਚ ਮੌਸਮ ਵਿੱਚ ਖੜੋਤ ਆਉਣ ਕਾਰਨ ਪ੍ਰਦੂਸ਼ਣ ਦੀ ਤਵੱਜੋ ਵੱਧ ਜਾਂਦੀ ਹੈ। ਜੋ ਵੀ ਬਚਦਾ ਹੈ, ਪਰਾਲੀ ਅਤੇ ਪਟਾਕੇ ਕੰਮ ਨੂੰ ਪੂਰਾ ਕਰਦੇ ਹਨ। ਧੁੰਦ ਅਤੇ ਪ੍ਰਦੂਸ਼ਕ ਮਿਲ ਕੇ ਧੂੰਆਂ ਬਣਾਉਂਦੇ ਹਨ, ਜੋ ਮੌਸਮ ਨੂੰ ਪ੍ਰਭਾਵਿਤ ਕਰਦੇ ਹਨ।ਇਹ ਦਮ ਘੁੱਟਣ ਵਾਲਾ ਬਣ ਜਾਂਦਾ ਹੈ। ਜ਼ਰਾ ਸੋਚੋ, ਜੇਕਰ ਦਿੱਲੀ ਦਾ ਹਵਾ ਗੁਣਵੱਤਾ ਸੂਚਕਾਂਕ ਇੱਕ ਮਹੀਨੇ ਤੱਕ 400-500 ਤੋਂ ਉਪਰ ਰਹਿੰਦਾ ਹੈ ਤਾਂ ਕਿੰਨੇ ਲੋਕ ਮਾਰੂ ਬਿਮਾਰੀਆਂ ਦਾ ਸ਼ਿਕਾਰ ਹੋ ਜਾਣਗੇ। ਆਖ਼ਰ ਇਸ ਸਮੱਸਿਆ ਦਾ ਹੱਲ ਕੀ ਹੈ? ਇਸ ਦਾ ਹੱਲ ਕੱਢਣਾ ਹੋਵੇਗਾ ਕਿ ਪ੍ਰਦੂਸ਼ਣ ਜਿੱਥੋਂ ਪੈਦਾ ਹੋ ਰਿਹਾ ਹੈ। ਸਭ ਤੋਂ ਪਹਿਲਾਂ ਤਾਂ ਸੁੱਕੇ ਪੱਤਿਆਂ ਜਾਂ ਗੋਹੇ ਦੀ ਰੋਟੀ ਨੂੰ ਬਾਲਣ ਵਜੋਂ ਵਰਤਣਾ ਤੁਰੰਤ ਬੰਦ




ਕਰ ਦੇਣਾ ਚਾਹੀਦਾ ਹੈ। ਇਹ ਠੀਕ ਹੈ ਕਿ ਹੁਣ ਘਰੇਲੂ ਰਸੋਈ ਗੈਸ ਹਰ ਪਿੰਡ ਵਿੱਚ ਪਹੁੰਚ ਗਈ ਹੈ, ਪਰ ਗਰੀਬ ਪਿੰਡ ਵਾਸੀਆਂ ਲਈ ਗੈਸ ਅਜੇ ਵੀ ਮੁਕਾਬਲਤਨ ਮਹਿੰਗੀ ਹੈ। ਇਸੇ ਤਰ੍ਹਾਂ, ਕੂੜਾਸਾਨੂੰ ਪਹਾੜਾਂ ਨੂੰ ਵੀ ਹਟਾਉਣਾ ਪਵੇਗਾ। ਰਾਜਧਾਨੀ ਦਿੱਲੀ ਵਿੱਚ ਹੀ ਅਜਿਹੇ ਕਈ ਪਹਾੜ ਪੈਦਾ ਹੋਏ ਹਨ, ਜਿੱਥੋਂ ਮੀਥੇਨ ਅਤੇ ਓਜ਼ੋਨ ਵਰਗੀਆਂ ਹਾਨੀਕਾਰਕ ਗੈਸਾਂ ਨਿਕਲਦੀਆਂ ਹਨ। ਇਨ੍ਹਾਂ ਨੂੰ ਹਟਾਉਣ ਦੇ ਨਾਲ-ਨਾਲ ਸਾਨੂੰ ਸਥਾਨਕ ਕੂੜੇ ਦੇ ਨਿਪਟਾਰੇ ਲਈ ਸਾਰੀਆਂ ਕਲੋਨੀਆਂ ਅਤੇ ਸੁਸਾਇਟੀਆਂ ਵਿੱਚ ਕੈਪਟਿਵ ਸੀਵਰੇਜ ਟ੍ਰੀਟਮੈਂਟ ਪਲਾਂਟ ਅਤੇ ਕੈਪਟਿਵ ਵੇਸਟ ਮੈਨੇਜਮੈਂਟ ਪਲਾਂਟ ਵੀ ਲਗਾਉਣੇ ਪੈਣਗੇ, ਤਾਂ ਜੋ ਘਰਾਂ ਦੇ ਕੂੜੇ ਦਾ ਨਿਪਟਾਰਾ ਆਲੇ-ਦੁਆਲੇ ਦੇ ਖੇਤਰਾਂ ਵਿੱਚ ਕੀਤਾ ਜਾ ਸਕੇ। ਸਾਨੂੰ ਵਾਹਨਾਂ ਕਾਰਨ ਹੋਣ ਵਾਲੇ ਪ੍ਰਦੂਸ਼ਣ ਨੂੰ ਵੀ ਰੋਕਣਾ ਹੋਵ-ੇਗਾ। ਸਾਡੇ ਦੇਸ਼ ਵਿੱਚ ਜਨਤਕ ਟਰਾਂਸਪੋਰਟ 'ਤੇ ਕੰਮ ਤਾਂ ਬਹੁਤ ਕੀਤਾ ਗਿਆ ਹੈ, ਪਰ ਹੁਣ ਪ੍ਰਾਈਵੇਟ ਟਰਾਂਸਪੋਰਟ ਦਾ ਸਮਾਂ ਆ ਗਿਆ ਹੈ।ਕੋਈ ਸੁਧਾਰ ਨਹੀਂ ਹੈ। ਇਸ ਦੇ ਲਈ ਸੜਕਾਂ ਤੋਂ ਡੀਜ਼ਲ ਵਾਹਨਾਂ ਦੀ ਲੋੜ ਪੈਂਦੀ ਹੈ। ਟਰਾਂਸਪੋਰਟ ਕਾਰਨ ਹੋਣ ਵਾਲੇ ਪ੍ਰਦੂਸ਼ਣ ਵਿੱਚ ਡੀਜ਼ਲ ਵਾਹਨਾਂ ਦਾ ਵੱਡਾ ਯੋਗਦਾਨ ਹੈ ਅਤੇ ਅਜਿਹੇ ਵਾਹਨ ਸ਼ਹਿਰਾਂ ਵਿੱਚ ਬਹੁਤਾਤ ਵਿੱਚ ਦੇਖੇ ਜਾਂਦੇ ਹਨ। ਕਾਰ ਪੂਲਿੰਗ ਵੀ ਕੀਤੀ ਜਾ ਸਕਦੀ ਹੈ। ਇਨ੍ਹਾਂ ਨਾਲ ਅਸੀਂ ਟਰਾਂਸਪੋਰਟ ਪ੍ਰਦੂਸ਼ਣ ਨੂੰ ਲਗਭਗ 30 ਫੀਸਦੀ ਤੱਕ ਘੱਟ ਕਰ ਸਕਾਂਗੇ। ਇਹ ਵੀ ਜ਼ਰੂਰੀ ਹੈ ਕਿ ਸਰਦੀਆਂ ਦੌਰਾਨ ਹਰਿਆਣਾ, ਪੰਜਾਬ, ਪੱਛਮੀ ਉੱਤਰ ਪ੍ਰਦੇਸ਼, ਪੂਰਬੀ ਰਾਜਸਥਾਨ, ਉੱਤਰੀ ਮੱਧ ਪ੍ਰਦੇਸ਼ ਆਦਿ ਦੇ ਕੁਝ ਹਿੱਸਿਆਂ ਵਿੱਚ ਲਗਾਏ ਗਏ ਕੋਲੇ ਤੋਂ ਬਿਜਲੀ ਪੈਦਾ ਕਰਨ ਵਾਲੀਆਂ ਯੂਨਿਟਾਂ ਨੂੰ ਬੰਦ ਕਰ ਦਿੱਤਾ ਜਾਵੇ। ਅਜਿਹਾ ਘੱਟੋ-ਘੱਟ 1 ਨਵੰਬਰ ਤੋਂ 15 ਦਸੰਬਰ ਤੱਕ ਹੋਵੇਗਾ।ਕੀਤਾ ਜਾਣਾ ਜ਼ਰੂਰੀ ਹੈ। ਇਸ ਨਾਲ ਸਾਡੀ ਬਿਜਲੀ ਸਪਲਾਈ 'ਤੇ ਕੋਈ ਅਸਰ ਨਹੀਂ ਪਵੇਗਾ, ਕਿਉਂਕਿ ਇਸ ਸਮੇਂ ਬਿਜਲੀ ਦੀ ਮੰਗ ਬਹੁਤ ਘੱਟ ਹੈ, ਜਿਸ ਨੂੰ ਨੇੜਲੇ ਯੂਨਿਟਾਂ ਤੋਂ ਪੂਰਾ ਕੀਤਾ ਜਾ ਸਕਦਾ ਹੈ। ਇਸ ਨਾਲ ਅਸੀਂ ਦਿੱਲੀ ਦੇ ਮਾਹੌਲ ਵਿਚ ਬਾਹਰੋਂ ਆਉਣ ਵਾਲੇ ਪ੍ਰਦੂਸ਼ਣ ਨੂੰ ਵੀ 30 ਫੀਸਦੀ ਘਟਾ ਸਕਦੇ ਹਾਂ। ਫਿਰ, ਪਰਾਲੀ ਤੇ ਪਟਾਕਿਆਂ ਦਾ ਕੰਮ ਚੱਲ ਰਿਹਾ ਹੈ। ਇਸ ਦਾ ਮਤਲਬ ਹੈ ਕਿ ਅਸੀਂ ਪ੍ਰਦੂਸ਼ਣ ਨੂੰ ਕਾਫੀ ਹੱਦ ਤੱਕ ਕੰਟਰੋਲ ਕਰ ਸਕਾਂਗੇ। ਵੱਡਾ ਸਵਾਲ ਇਹ ਹੈ ਕਿ ਅਜਿਹਾ ਕਿਵੇਂ ਹੋਵੇਗਾ? ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਬਣਾਇਆ ਗਿਆ ਹੈ, ਪਰ ਜਦੋਂ ਤੱਕ ਰਾਜ ਸਹਿਯੋਗ ਨਹੀਂ ਕਰਦੇ, ਇਸ ਕਮਿਸ਼ਨ ਦਾ ਵੀ ਕੋਈ ਫਾਇਦਾ ਨਹੀਂ ਹੋਵੇਗਾ।ਕਰ ਸਕਦਾ ਹੈ। ਇਨ੍ਹਾਂ ਸਾਰੀਆਂ ਗੱਲਾਂ 'ਤੇ ਸੁਪਰੀਮ ਕੋਰਟ ਨੂੰ ਵੀ ਇਤਰਾਜ਼ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਸਟਰੀਟ ਕੌਰ ਚੰਦ ਐਮ.ਐਚ.ਆਰ ਮਲੋਟ ਪੰਜਾਬ।







The Mortgage Centre
We work for you, not the lenders.




Debt Consolidation | Renovations & Repairs | Avoiding High penalities

If you are looking for independent mortgage or protection advice....
We're here to help.
* Competitive rates
* Flexible terms
* Fast approval process

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com
Follow Us:

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in *BRAMPTON*
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੁਇਟ ਅਤੇ Walk-in ਕਲੌਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

Listed in *BRAMPTON*
Bovaird/Mclaughlin/Fletchers Creek Blvd
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੁਇਟ, Walk-in ਕਲੌਜ਼ਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡਿਡ।

Listed in *MISSISSAUGA*
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀਂਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

NEW Listing in *BRAMPTON*
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੁਇਟ ਅਤੇ Walk-in ਕਲੌਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in *BRAMPTON*
Bramalea/Queen St/Hwy 7
1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮਿਕ ਫਲੋਰ, No ਕਾਰਪੇਟ। Huge ਕੀਂਚਨ, ਮਾਸਟਰ ਬੈਡਰੂਮ with 2-ਪੀਸ ਇਨਸੁਇਟ ਅਤੇ ਖੁੱਲੀ ਕਲੋਜ਼ਿਟ, Walking distance to Bramalea City Centre & more.

SOLD in *BRAMPTON*
Clarkway/Cottrelle/Hwy 50
2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੇਂਟ, 9 ਫੁੱਟ ਸੀਲਿੰਗ, Quartz ਕਾਊਂਟਰਟੋਪ, 5-ਪੀਸ ਇਨਸੁਇਟ ਅਤੇ His & Her ਕਲੋਜ਼ਿਟ, Laundary on ਮੇਨ ਫਲੋਰ ਅਤੇ ਬੇਸਮੇਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰੋਸਰੀ ਸਟੋਰ, Shoppers, Pizza Pizza & more.

FREE
✓ Full MLS Services
✓ Consistently Marketing Your Property Until SOLD
✓ Competitive Rates, Exceptional Service & Award Winning Results
✓ Staging Consultation
✓ Billboard, Flyer, Newspaper
✓ Online Promotion
✓ Professional Pictures and Virtual Tour
✓ Social media & Radio Advertisement
✓ Open House Until Sold

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



•Mortgage Financing
•Tax/Capital Gain
•Divorce/Separation of Assets
•Litigation Support
•Pre-listing Appraisals

Gurpreet Purba
Broker, CRA
416-669-1423
www.purbahomes.com